ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 11 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੀ ਸਿਆਸਤ 'ਚ ਹਲਚਲ ! ਨਵਜੋਤ ਸਿੰਘ ਸਿੱਧੂ ਤੇ ਪ੍ਰਿਯੰਕਾ ਗਾਂਧੀ ਵਿਚਾਲੇ ਹੋਈ ਮੀਟਿੰਗ

**ਚੰਡੀਗੜ੍ਹ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਵਜੋਤ ਸਿੰਘ ਸਿੱਧੂ ਨੇ ਇਕ ਵਾਰ ਫ਼ਿਰ ਪੰਜਾਬ ਦੀ ਸਿਆਸਤ ਵਿਚ



ਹਲਚਲ ਮਚਾ ਦਿੱਤੀ ਹੈ। ਉਹ ਅੱਜ ਅਚਾਨਕ ਦਿੱਲੀ ਪਹੁੰਚੇ ਤੇ ਪ੍ਰਿਯੰਕਾ ਗਾਂਧੀ ਨਾਲ ਮੁਲਾਕਾਤ ਕੀਤੀ। ਨਵਜੋਤ ਸਿੱਧੂ ਨੇ ਇਸ ਮੁਲਾਕਾਤ ਦੀ ਤਸਵੀਰ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਅਤੇ ਨਾਲ ਹੀ ਔਖੇ ਸਮੇਂ ਵਿਚ ਸਾਥ ਦੇਣ ਲਈ ਪ੍ਰਿਯੰਕਾ ਗਾਂਧੀ ਤੇ ਉਨ੍ਹਾਂ ਦੇ ਭਰਾ ਰਾਹੁਲ ਗਾਂਧੀ ਦਾ ਧੰਨਵਾਦ ਵੀ ਕੀਤਾ। ਇਸ ਮੁਲਾਕਾਤ ਨੂੰ ਅਹਿਮ ਇਸ ਲਈ ਮੰਨਿਆ ਜਾ ਰਿਹਾ ਹੈ ਕਿਉਂਕਿ ਨਵਜੋਤ ਸਿੰਘ ਸਿੱਧੂ ਪਿਛਲੇ ਕਾਫ਼ੀ ਸਮੇਂ ਤੋਂ ਸਿਆਸਤ 'ਚੋਂ ਗਾਇਬ ਹਨ। ਉਨ੍ਹਾਂ ਵੱਲੋਂ ਨਾ ਤਾਂ ਕੋਈ ਸਿਆਸੀ ਸਰਗਰਮੀ ਵਿਚ ਹਿੱਸਾ ਲਿਆ ਜਾ ਰਿਹਾ ਹੈ ਤੇ ਨਾ ਹੀ ਕੋਈ ਬਿਆਨਬਾਜ਼ੀ ਕੀਤੀ ਜਾ ਰਹੀ ਹੈ। ਹਾਲ ਹੀ ਵਿਚ ਉਨ੍ਹਾਂ ਦੀ ਪਤਨੀ ਨਵਜੋਤ ਕੌਰ ਸਿੱਧੂ ਨੇ 2027 ਵਿਚ ਵਿਧਾਨ ਸਭਾ ਚੋਣ ਲੜਣ ਦਾ ਵੀ ਐਲਾਨ ਕੀਤਾ ਸੀ। ਹੁਣ ਨਵਜੋਤ ਸਿੰਘ ਸਿੱਧੂ ਤੇ ਪ੍ਰਿਯੰਕਾ ਗਾਂਧੀ ਵਿਚਾਲੇ ਇਸ ਮੁਲਾਕਾਤ ਮਗਰੋਂ ਫ਼ਿਰ ਤੋਂ ਕਈ ਤਰ੍ਹਾਂ ਦੀਆਂ ਸਿਆਸੀ ਚਰਚਾਵਾਂ ਛਿੜ ਗਈਆਂ ਹਨ।

## ਉਮੀਦਾਂ 'ਤੇ ਫਿਰਿਆ ਪਾਣੀ

# ਟਰੰਪ ਨੂੰ ਨਹੀਂ ਮਿਲਿਆ ਨੋਬਲ ਸ਼ਾਂਤੀ ਪੁਰਸਕਾਰ





**ਵਾਸ਼ਿੰਗਟਨ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਾਰਵੇ ਦੇ ਓਸਲੋ ਵਿੱਚ ਅੱਜ ਨੋਬਲ ਸ਼ਾਂਤੀ ਪੁਰਸਕਾਰ ਦਾ ਐਲਾਨ ਕੀਤਾ ਗਿਆ। ਇਸ ਵਾਰ ਇਹ ਇਨਾਮ ਵੇਨੇਜ਼ੁਏਲਾ ਦੀ ਮੁੱਖ ਵਿਰੋਧੀ ਧਿਰ ਦੀ ਨੇਤਾ ਮਾਰੀਆ ਕੋਰੀਨਾ ਮਾਚਾਡੋ ਨੂੰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਵੇਨੇਜ਼ੁਏਲਾ ਵਿੱਚ ਲੋਕਤੰਤਰਕ ਅਧਿਕਾਰਾਂ ਦੀ ਪਾਲਣਾ ਅਤੇ ਲੋਕਾਂ ਦੀ ਆਜ਼ਾਦੀ ਲਈ ਉਨ੍ਹਾਂ ਦੇ ਯਤਨਾਂ ਲਈ ਇਹ ਇਨਾਮ ਦਿੱਤਾ ਗਿਆ। ਇਸ ਜਿੱਤ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ, ਜਿਨ੍ਹਾਂ ਨੇ ਵਾਰ-ਵਾਰ ਦਲੀਲ ਦਿੱਤੀ ਹੈ ਕਿ ਉਹ "8 ਯੁੱਧਾਂ" ਨੂੰ ਸੁਲਝਾਉਣ ਲਈ ਇਨਾਮ ਜਿੱਤਣ ਦੇ ਹੱਕਦਾਰ ਹਨ।

## ਉੱਤਰ ਪ੍ਰਦੇਸ਼ ਦੇ ਅਯੋਧਿਆ 'ਚ ਵੱਡਾ ਹਾਦਸਾ; ਜ਼ੋਰਦਾਰ ਧਮਾਕੇ ਮਗਰੋਂ 5 ਲੋਕਾਂ ਦੀ ਮੌਤ

**ਅਯੁੱਧਿਆ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਅਯੁੱਧਿਆ ਵਿੱਚ ਪੁਰਕਾਲੰਦਰ ਖੇਤਰ ਅਧੀਨ ਭਦਰਸਾ ਨਗਰ ਪੰਚਾਇਤ ਦੇ ਕਲਿਆਣ ਭਦਰਸਾ ਪਿੰਡ ਪ੍ਰੀਸ਼ਦ ਦੇ ਪਿੰਡ ਪਗਲਾ ਭਾਰੀ ਵਿੱਚ ਵੀਰਵਾਰ ਸ਼ਾਮ ਲਗਭਗ 7.15 ਵਜੇ ਇੱਕ ਘਰ ਦੇ ਅੰਦਰ ਹੋਏ ਇੱਕ ਵੱਡੇ ਧਮਾਕੇ ਵਿੱਚ ਘਰ ਦੇ ਮਾਲਕ ਅਤੇ ਤਿੰਨ ਬੱਚਿਆਂ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ। ਸੜਕ ਕਿਨਾਰੇ ਇਕੱਲਿਆਂ ਸਥਿਤ ਘਰ ਵਿੱਚ ਧਮਾਕਾ ਇੰਨਾ ਸ਼ਕਤੀਸ਼ਾਲੀ ਸੀ ਕਿ ਦੂਰ-ਦੁਰਾਡੇ ਸਥਿਤ ਘਰਾਂ ਦੀਆਂ ਖਿੜਕੀਆਂ ਅਤੇ ਦਰਵਾਜ਼ੇ ਇਸਦੀ ਆਵਾਜ਼ ਨਾਲ ਹਿੱਲ ਗਏ। ਲੋਕਾਂ ਨੇ ਧਮਾਕੇ ਦੀ ਆਵਾਜ਼ ਲਗਭਗ ਇੱਕ ਕਿਲੋਮੀਟਰ ਤੱਕ ਸੁਣੀ। ਕੁਝ ਹੀ ਸਮੇਂ ਵਿੱਚ ਸੈਂਕੜੇ ਲੋਕ ਮੌਕੇ 'ਤੇ ਇਕੱਠੇ ਹੋ ਗਏ। ਸੂਚਨਾ ਮਿਲਦੇ ਹੀ ਸੀਨੀਅਰ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਦੋ ਜੇਸੀਬੀ, ਤਿੰਨ ਫਾਇਰ ਬ੍ਰਿਗੇਡ ਗੱਡੀਆਂ, ਐਸਡੀਆਰਐਫ, ਫੋਰੈਂਸਿਕ ਟੀਮ, 6 ਐਂਬੂਲੈਂਸਾਂ ਅਤੇ ਡੌਗ ਸਕੁਐਡ ਉੱਥੇ ਪਹੁੰਚ ਗਏ। ਪਿੰਡ ਵਾਸੀ ਅਤੇ ਬਚਾਅ ਟੀਮਾਂ ਦੇਰ ਰਾਤ ਤੱਕ ਘਰ ਦਾ ਮਲਬਾ ਸਾਫ਼ ਕਰਨ ਲਈ ਮੌਕੇ 'ਤੇ ਇਕੱਠੀਆਂ ਰਹੀਆਂ। ਧਮਾਕੇ ਦੀ ਭਿਆਨਕ ਆਵਾਜ਼ ਨੇ ਪੂਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ। ਘਰ ਦੇ ਮਾਲਕ ਦੀ ਲਾਸ਼ ਵੀਹ ਮੀਟਰ ਦੂਰ ਡਿੱਗ ਪਈ, ਸਿਰਫ਼ ਘਰ ਦੇ ਥੰਮ੍ਹ ਅਤੇ ਮਲਬਾ ਹੀ ਰਹਿ ਗਿਆ। ਦੋਵੇਂ ਲਾਸ਼ਾਂ ਪੂਰੀ ਤਰ੍ਹਾਂ ਸੜ ਗਈਆਂ। ਹਰ ਕੋਈ, ਜਿੱਥੇ ਵੀ ਸੀ, ਘਟਨਾ ਸਥਾਨ ਵੱਲ ਭੱਜਿਆ। ਹਰ ਪਾਸੇ ਚੀਕ-ਚਿਹਾੜਾ ਸੀ। ਸੂਚਨਾ ਮਿਲਦੇ ਹੀ ਪੁਲਿਸ ਅਤੇ ਪ੍ਰਸ਼ਾਸਨ ਦੀਆਂ ਗੱਡੀਆਂ ਮੌਕੇ 'ਤੇ ਪਹੁੰਚਣੀਆਂ ਸ਼ੁਰੂ ਹੋ ਗਈਆਂ। ਕਾਬਿਲੇਗੌਰ ਹੈ ਕਿ 13 ਅਪ੍ਰੈਲ, 2024 ਨੂੰ, ਪਗਲਾਬਾੜੀ ਪਿੰਡ ਵਿੱਚ ਉਸੇ ਰਾਮਕੁਮਾਰ ਗੁਪਤਾ ਦੇ ਘਰ ਵਿੱਚ ਇੱਕ ਧਮਾਕਾ ਹੋਇਆ। ਦੋ ਮੰਜ਼ਿਲਾ ਘਰ ਪੂਰੀ ਤਰ੍ਹਾਂ ਮਲਬੇ ਵਿੱਚ ਬਦਲ ਗਿਆ। ਰਾਮਕੁਮਾਰ ਨੇ ਘਰ ਵਿੱਚ ਇੱਕ ਆਟਾ ਚੱਕੀ ਲਗਾਈ ਹੋਈ ਸੀ। ਗੁਆਂਢੀ ਮੌਰੀਆ ਕਾ ਪੁਰਵਾ ਪਿੰਡ ਦੇ ਵਸਨੀਕ ਰਾਮਕੁਮਾਰ ਕੋਰੀ ਦੀ ਧੀ ਪ੍ਰਿਯੰਕਾ (19) ਉੱਥੇ ਆਟਾ ਖਰੀਦਣ ਗਈ ਸੀ। ਧਮਾਕੇ ਤੋਂ ਬਾਅਦ ਘਰ ਦੇ ਮਲਬੇ ਹੇਠ ਦੱਬ ਜਾਣ ਕਾਰਨ ਉਸਦੀ ਮੌਤ ਹੋ ਗਈ।

## ਲਹਿੰਦੇ ਪੰਜਾਬ 'ਚ ਇੰਟਰਨੈਟ ਬੰਦ ! ਰਾਜਧਾਨੀ 'ਚ ਬਣੇ ਅਮਰਜੈਂਸੀ ਵਰਗੇ ਹਾਲਾਤ

**ਇਸਲਾਮਾਬਾਦ/ਰਾਵਲਪਿੰਡੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਅੱਜ ਤਹਿਰੀਕ-ਏ-ਲੱਬੈਕ ਪਾਕਿਸਤਾਨ ਦੇ ਇੱਕ ਵਿਸ਼ਾਲ ਵਿਰੋਧੀ ਪ੍ਰਦਰਸ਼ਨ ਦੇ ਮੱਦੇਨਜ਼ਰ ਅਸਲ 'ਚ ਸੀਲ ਹੋ ਚੁੱਕੀ ਹੈ। ਅੱਜ ਅਮਰੀਕੀ ਦੂਤਾਵਾਸ ਦੇ ਬਾਹਰ 'ਲੱਬੈਕ ਅਲ-ਅਕਸਾ ਮਿਲੀਅਨ ਮਾਰਚ' ਕੱਢਣ ਦਾ ਐਲਾਨ ਕੀਤਾ ਹੈ, ਜਿਸ ਕਾਰਨ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ। ਨਾਇਬ ਨਾਜ਼ਿਮ-ਏ-ਆਲਾ ਰਾਜਾ ਆਮਿਰ ਸ਼ਾਹਜ਼ਾਦ ਨੇ ਇਸਲਾਮਾਬਾਦ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖ ਕੇ ਦੱਸਿਆ ਕਿ ਇਹ ਮਾਰਚ ਦੁਪਹਿਰ 2 ਵਜੇ ਫੈਜ਼ਾਬਾਦ ਤੋਂ ਸ਼ੁਰੂ ਹੋ ਕੇ ਡਿਪਲੋਮੈਟਿਕ ਐਨਕਲੇਵ ਵਿੱਚ ਸਥਿਤ ਅਮਰੀਕੀ ਦੂਤਾਵਾਸ ਵੱਲ ਵਧੇਗਾ। ਪਾਰਟੀ ਨੇ ਅਧਿਕਾਰੀਆਂ ਨੂੰ ਇਸ ਸ਼ਾਂਤੀਪੂਰਨ ਰੈਲੀ ਲਈ ਸੁਰੱਖਿਆ ਪ੍ਰਦਾਨ ਕਰਨ ਦੀ ਵੀ ਬੇਨਤੀ ਕੀਤੀ ਹੈ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਪ੍ਰਦਰਸ਼ਨ ਦੀ ਸੰਭਾਵਨਾ ਦੇ ਚੱਲਦਿਆਂ, ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ 'ਤੇ ਪਾਕਿਸਤਾਨ ਦੂਰਸੰਚਾਰ ਅਥਾਰਟੀ ਵੱਲੋਂ ਇਸਲਾਮਾਬਾਦ ਅਤੇ ਰਾਵਲਪਿੰਡੀ ਦੇ ਜੁੜਵੇਂ ਸ਼ਹਿਰਾਂ ਵਿੱਚ 37 ਅਤੇ 47 ਮੋਬਾਈਲ ਸੇਵਾਵਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਪਾਬੰਦੀ 9 ਅਕਤੂਬਰ ਦੀ ਅੱਧੀ ਰਾਤ ਤੋਂ ਸ਼ੁਰੂ ਹੋਈ ਅਤੇ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਰਾਜਧਾਨੀ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਰੈੱਡ ਜ਼ੋਨ ਨੂੰ ਸੀਲ ਕਰਨ ਲਈ ਅੰਦਾਜ਼ਨ 500 ਕੰਟੇਨਰਾਂ ਦੀ ਵਰਤੋਂ ਕੀਤੀ ਗਈ ਹੈ, ਜਿਨ੍ਹਾਂ ਨੂੰ ਅਟਾਟਰਕ ਐਵੇਨਿਊ, ਮਾਰਗੱਲਾ ਰੋਡ ਅਤੇ ਖੈਬਰ-ਏ-ਸੁਹਰਾਵਰਦੀ ਸਮੇਤ ਹੋਰ ਪ੍ਰਮੁੱਖ ਸਥਾਨਾਂ 'ਤੇ ਲਗਾਇਆ ਗਿਆ ਹੈ। ਇਸ ਤੋਂ ਇਲਾਵਾ, ਫੈਜ਼ਾਬਾਦ ਇੰਟਰਚੇਂਜ, ਰਾਵਤ ਟੀ-ਕਰਾਸ, ਅਤੇ ਚੁੰਗੀ ਨੰਬਰ 26 ਸਮੇਤ ਰਾਜਧਾਨੀ ਵਿੱਚ ਦਾਖਲੇ ਦੇ ਮੁੱਖ ਰਸਤਿਆਂ ਨੂੰ ਵੀ ਕੰਟੇਨਰਾਂ ਨਾਲ ਬੰਦ ਕੀਤਾ ਜਾ ਰਿਹਾ ਹੈ। ਇਸਲਾਮਾਬਾਦ ਵਿੱਚ ਅਗਲੇ ਹੁਕਮਾਂ ਤੱਕ ਸਾਰੇ ਭਾਰੀ ਵਾਹਨਾਂ ਦੇ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ, ਜਦੋਂ ਕਿ 21 ਵੱਖ-ਵੱਖ ਰੂਟਾਂ 'ਤੇ ਮੈਟਰੋ ਬੱਸ ਅਤੇ ਇਲੈਕਟ੍ਰਿਕ ਬੱਸ ਸੇਵਾਵਾਂ ਵੀ ਵੀਰਵਾਰ ਸ਼ਾਮ ਤੋਂ ਮੁਅੱਤਲ ਚੱਲ ਰਹੀਆਂ ਹਨ। ਸੁਰੱਖਿਆ ਦੇ ਲਿਹਾਜ਼ ਨਾਲ ਲਗਭਗ 7,000 ਸੁਰੱਖਿਆ ਕਰਮੀ ਤਾਇਨਾਤ ਕੀਤੇ ਗਏ ਹਨ। ਇਨ੍ਹਾਂ ਵਿੱਚ 5,500 ਪੁਲਸ ਕਰਮੀ, 1,000 ਫਰੰਟੀਅਰ ਕਾਂਸਟੇਬੁਲਰੀ ਅਤੇ 500 ਰੇਂਜਰ ਸ਼ਾਮਲ ਹਨ। ਕਈ ਥਾਵਾਂ 'ਤੇ ਦੰਗਾ ਵਿਰੋਧੀ ਵਾਹਨ ਵੀ ਤਾਇਨਾਤ ਕੀਤੇ ਗਏ ਹਨ, ਜੋ ਅੱਥਰੂ ਗੈਸ ਅਤੇ ਰਬੜ ਦੀਆਂ ਗੋਲੀਆਂ ਵਰਗੇ ਸਾਜ਼ੋ-ਸਾਮਾਨ ਨਾਲ ਲੈਸ ਹਨ। ਇਸ ਦੌਰਾਨ, ਪੁਲਸ ਨੇ ਵੀਰਵਾਰ ਨੂੰ ਘੱਟੋ-ਘੱਟ 280 ਸਥਾਨਕ "ਨੇਤਾਵਾਂ ਅਤੇ ਕਾਰਕੁਨਾਂ ਨੂੰ ਹਿਰਾਸਤ ਵਿੱਚ ਲੈ ਲਿਆ। ਰਾਵਲਪਿੰਡੀ ਵਿੱਚ ਵੀ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਲਈ ਧਾਰਾ 144 ਲਾਗੂ ਕਰ ਦਿੱਤੀ ਗਈ ਹੈ, ਜੋ 11 ਅਕਤੂਬਰ ਤੱਕ ਜਾਰੀ ਰਹੇਗੀ। ਜ਼ਿਕਰਯੋਗ ਹੈ ਕਿ ਵੀਰਵਾਰ ਦੇਰ ਰਾਤ ਪੰਜਾਬ ਵਿੱਚ ਹਿੰਸਕ ਝੜਪਾਂ ਹੋਈਆਂ ਸਨ, ਜਦੋਂ ਪੁਲਸ ਨੇ ਮੁਖੀ ਸਾਦ ਰਿਜ਼ਵੀ ਨੂੰ ਗ੍ਰਿਫਤਾਰ ਕਰਨ ਲਈ ਪਾਰਟੀ ਦੇ ਮੁੱਖ ਦਫਤਰ 'ਤੇ ਛਾਪਾ ਮਾਰਿਆ ਸੀ, ਜਿਸ ਵਿੱਚ ਲਗਭਗ ਇੱਕ ਦਰਜਨ ਪੁਲਸ ਕਰਮਚਾਰੀਆਂ ਸਮੇਤ ਕਈ ਲੋਕ ਜ਼ਖਮੀ ਹੋ ਗਏ ਸਨ। ਇਸਲਾਮਾਬਾਦ ਵਿੱਚ ਅਮਰੀਕੀ ਦੂਤਾਵਾਸ ਨੇ ਨਾਮ ਲਏ ਬਿਨਾਂ, ਪਾਕਿਸਤਾਨ ਭਰ ਵਿੱਚ 10 ਅਕਤੂਬਰ ਨੂੰ ਯੋਜਨਾਬੱਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਅਮਰੀਕੀ ਨਾਗਰਿਕਾਂ ਨੂੰ ਵੱਡੇ ਇਕੱਠਾਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਤੋਂ ਸੁਚੇਤ ਰਹਿਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਇਹ ਪ੍ਰਦਰਸ਼ਨ ਬੰਦ ਸੜਕਾਂ ਜਾਂ ਰੂਟਾਂ ਵਿੱਚ ਬਦਲਾਅ ਕਾਰਨ ਆਵਾਜਾਈ ਵਿੱਚ ਦੇਰੀ ਜਾਂ ਵਿਘਨ ਪਾ ਸਕਦੇ ਹਨ।

## ਪੰਜ ਤੱਤਾਂ 'ਚ ਵਿਲੀਨ ਹੋਏ ਬਾਡੀ ਬਿਲਡਰ ਤੇ ਅਦਾਕਾਰ ਵਰਿੰਦਰ ਸਿੰਘ ਘੁੰਮਣ

**ਜਲੰਧਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਬਾਡੀ ਬਿਲਡਰ ਅਤੇ ਅਦਾਕਾਰ ਵਰਿੰਦਰ ਸਿੰਘ ਘੁੰਮਣ ਪੰਜ ਤੱਤਾਂ ਵਿਚ ਵਿਲੀਨ ਹੋ ਗਏ ਹਨ। ਵਰਿੰਦਰ ਘੁੰਮਣ ਅੰਤਿਮ



ਸੰਸਕਾਰ ਜਲੰਧਰ ਦੇ ਮਾਡਲ ਟਾਊਨ ਵਿਖੇ ਸ਼ਮਸ਼ਾਨ ਘਾਟ 'ਚ ਕਰ ਦਿੱਤਾ ਗਿਆ ਹੈ। ਵਰਿੰਦਰ ਘੁੰਮਣ ਨੂੰ ਅੰਤਿਮ ਵਿਦਾਈ ਦੇਣ ਲਈ ਲੋਕਾਂ ਦਾ ਹੜ੍ਹ ਆ ਗਿਆ। ਜਿੱਥੇ ਪਰਿਵਾਰ ਪੁੱਤ ਦੀ ਅਰਥੀ ਨੂੰ ਵੇਖ ਭੁੱਬਾਂ ਮਾਰ ਰੋਇਆ, ਉਥੇ ਹੀ ਹਰ ਕਿਸੇ ਦੀ ਅੱਖ ਨਮ ਨਜ਼ਰ ਆਈ। ਮਾਂ ਰੋਂਦੇ ਹੋਏ ਇਹੀ ਕਹਿ ਰਹੀ ਸੀ ਕਿ ਹਾਏ ਮੇਰਾ ਵਰਿੰਦਰ ਪਾਲ ਮੋੜ ਦਿਓ...। ਉਨ੍ਹਾਂ ਦੀ ਅੰਤਿਮ ਯਾਤਰਾ ਵਿਚ ਸਿਆਸੀ ਹਸਤੀਆਂ ਸਮੇਤ ਕਈ ਆਗੂ ਮੌਜੂਦ ਰਹੇ।

ਦੱਸ ਦੇਈਏ ਕਿ ਜਲੰਧਰ ਦੇ ਬਸਤੀ ਸ਼ੇਖ ਦੇ ਘਈ ਨਗਰ ਦੇ ਰਹਿਣ ਵਾਲੇ ਘੁੰਮਣ ਦੀ ਅੰਮ੍ਰਿਤਸਰ ਦੇ ਫੋਰਟਿਸ ਹਸਪਤਾਲ ਵਿੱਚ ਬੀਤੇ ਦਿਨ ਇਕ ਆਪ੍ਰੇਸ਼ਨ ਦੌਰਾਨ ਦੋ ਵਾਰ ਦਿਲ ਦਾ ਦੌਰਾ ਪਿਆ, ਜਿਸ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਮ੍ਰਿਤਕ ਦੇ ਸਮਰਥਕਾਂ ਨੇ ਡਾਕਟਰਾਂ 'ਤੇ ਗਲਤ ਢੰਗ ਨਾਲ ਆਪ੍ਰੇਸ਼ਨ ਕਰਨ ਦਾ ਦੋਸ਼ ਲਾਉਂਦੇ ਹੋਏ ਹਸਪਤਾਲ ਵਿਚ ਹੰਗਾਮਾ ਕੀਤਾ। ਦਰਅਸਲ, ਵਰਿੰਦਰ ਆਪਣੇ ਬਾਈਸੈਪਸ ਦੀ ਇਕ ਛੋਟੀ ਜਿਹੀ ਸਰਜਰੀ ਲਈ ਅੰਮ੍ਰਿਤਸਰ ਦੇ ਇਕ ਨਿੱਜੀ ਹਸਪਤਾਲ ਦਾਖ਼ਲ ਸੀ। ਦੱਸਿਆ ਜਾ ਰਿਹਾ ਹੈ ਕਿ ਸਰਜਰੀ ਦੌਰਾਨ ਉਸ ਨੂੰ ਦੋ ਦਿਲ ਦੇ ਦੌਰੇ ਪਏ ਅਤੇ ਲਗਭਗ 53 ਸਾਲ ਦੀ ਉਮਰ ਵਿਚ ਉਸ ਦੀ ਮੌਤ ਹੋ ਗਈ। ਉਨ੍ਹਾਂ ਦੇ ਭਤੀਜੇ ਹਰਮਨਜੀਤ ਸਿੰਘ ਨੇ ਦੱਸਿਆ ਸੀ ਕਿ ਉਨ੍ਹਾਂ ਦੇ ਤਾਏ ਘੁੰਮਣ ਦਾ ਡੋਲਾ ਬੰਪ ਕਰ ਰਿਹਾ ਸੀ, ਜਿਸ ਕਾਰਨ ਉਹ ਮਸਲਜ਼ ਦਾ ਆਪ੍ਰੇਸ਼ਨ ਕਰਵਾਉਣ ਲਈ ਫੋਰਟਿਸ ਹਸਪਤਾਲ ਗਏ ਸਨ। ਉਨ੍ਹਾਂ ਦੇ ਮੈਨੇਜਰ ਯਾਦਵਿੰਦਰ ਸਿੰਘ, ਜੋ ਉਸ ਸਮੇਂ ਦੁਬਈ ਵਿੱਚ ਸਨ, ਨੇ ਵੀ ਦੱਸਿਆ ਕਿ ਵਰਿੰਦਰ ਕੁਝ ਸਮੇਂ ਤੋਂ ਦਰਦ ਦੀ ਸ਼ਿਕਾਇਤ ਕਰ ਰਹੇ ਸਨ। ਇਸ ਦੁਖਦਾਈ ਘਟਨਾ 'ਤੇ ਇਕ ਮੰਤਰੀ ਨੇ ਕਿਹਾ ਹੈ ਕਿ ਮੌਤ ਦੀ ਜਾਂਚ ਕੀਤੀ ਜਾਵੇਗੀ।

**ਲਾਪਰਵਾਹੀ ਦੇ ਦੋਸ਼ ਅਤੇ ਹਸਪਤਾਲ ਦਾ ਜਵਾਬ :** ਘੁੰਮਣ ਦੇ ਦੋਸਤਾਂ ਨੇ ਹਸਪਤਾਲ ਪ੍ਰਸ਼ਾਸਨ 'ਤੇ ਲਾਪਰਵਾਹੀ ਵਰਤਣ ਦਾ ਦੋਸ਼ ਲਾਇਆ ਹੈ। ਦੋਸਤਾਂ ਦਾ ਦੋਸ਼ ਹੈ ਕਿ ਆਪ੍ਰੇਸ਼ਨ ਦੌਰਾਨ ਘੁੰਮਣ ਦੀ ਬਾਡੀ ਨੀਲੀ ਪੈ ਗਈ ਸੀ। ਇਸ ਮਾਮਲੇ ਨੂੰ ਲੈ ਕੇ ਦੋਸਤਾਂ ਅਤੇ ਡਾਕਟਰਾਂ ਵਿਚਕਾਰ ਬਹਿਸ ਵੀ ਹੋਈ। ਉਥੇ ਹੀ ਡਾਕਟਰ ਅਨਿਕੇਤ ਨੇ ਦੱਸਿਆ ਕਿ ਆਪ੍ਰੇਸ਼ਨ ਦੌਰਾਨ ਅਤੇ ਬਾਅਦ ਵਿੱਚ ਦਿੱਤੀਆਂ ਗਈਆਂ ਸਾਰੀਆਂ ਦਵਾਈਆਂ ਦਾ ਰਿਕਾਰਡ ਫਾਈਲ ਵਿੱਚ ਦਰਜ ਹੈ। ਜਦੋਂ ਦੋਸਤਾਂ ਨੇ ਸੀ.ਸੀ.ਟੀ.ਵੀ. ਫੁਟੇਜ ਦੀ ਮੰਗ ਕੀਤੀ ਤਾਂ ਹਸਪਤਾਲ ਨੇ ਦੱਸਿਆ ਕਿ ਆਪ੍ਰੇਸ਼ਨ ਥੀਏਟਰ ਵਿੱਚ ਕੈਮਰਾ ਨਹੀਂ ਹੈ। ਸਿਰਫ਼ ਬਾਹਰ ਦੀ ਫੁਟੇਜ ਉਪਲੱਬਧ ਹੈ, ਜਿਸ ਵਿੱਚ ਵੀ ਘੁੰਮਣ ਦਾ ਬੈੱਡ ਨਜ਼ਰ ਨਹੀਂ ਆਉਂਦਾ। ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਰੋਮੀ ਨੇ ਕਿਹਾ ਕਿ ਮੈਡੀਕਲ ਬੁਲੇਟਿਨ ਜਲਦੀ ਜਾਰੀ ਕੀਤਾ ਜਾਵੇਗਾ ਅਤੇ ਫਿਲਹਾਲ ਕੁਝ ਵੀ ਕਹਿਣਾ ਜਲਦਬਾਜ਼ੀ ਹੋਵੇਗੀ। ਫਿਲਹਾਲ ਪੁਲਸ ਜਾਂ ਪਰਿਵਾਰ ਵੱਲੋਂ ਇਸ ਮਾਮਲੇ ਵਿੱਚ ਕੋਈ ਕੇਸ ਦਰਜ ਨਹੀਂ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਵਰਿੰਦਰ ਸਿੰਘ ਘੁੰਮਣ ਬਾਲੀਵੁੱਡ ਤੇ ਪੰਜਾਬੀ ਸਿਨੇਮਾ ਦੇ ਇਕ ਜਾਣੇ-ਪਛਾਣੇ ਅਦਾਕਾਰ ਸਨ। ਉਹ ਅਦਾਕਾਰ ਸਲਮਾਨ ਖਾਨ ਨਾਲ ਟਾਈਗਰ-3 ਵਰਗੀਆਂ ਕਈ ਫਿਲਮਾਂ ਵਿਚ ਅਹਿਮ ਭੂਮਿਕਾਵਾਂ ਲਈ ਜਾਣੇ ਜਾਂਦੇ ਸਨ। ਉਨ੍ਹਾਂ ਦੀ ਮੌਤ ਦੇ ਕਾਰਨ ਦੀ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ ਪਰ ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਉਨ੍ਹਾਂ ਨੂੰ ਦਿਲ ਦਾ ਦੌਰਾ ਪਿਆ ਸੀ। ਵਰਿੰਦਰ ਨੇ 2009 ਵਿਚ ਮਿਸਟਰ ਇੰਡੀਆ ਦਾ ਖਿਤਾਬ ਜਿੱਤਿਆ ਸੀ ਤੇ ਮਿਸਟਰ ਏਸ਼ੀਆ 'ਚ ਦੂਜੇ ਸਥਾਨ 'ਤੇ ਰਿਹਾ ਸੀ।

## ਬਾਡੀ ਬਿਲਡਰ ਤੇ ਅਦਾਕਾਰ ਵਰਿੰਦਰ ਘੁੰਮਣ ਦੀ ਮੌਤ 'ਤੇ ਪੰਜਾਬ ਸਰਕਾਰ ਦਾ ਵੱਡਾ ਕਦਮ

ਪ੍ਰਸਿੱਧ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਅਚਾਨਕ ਮੌਤ ਨੇ ਸਾਰੇ ਪੰਜਾਬ ਨੂੰ ਹਿਲਾ ਦਿੱਤਾ ਹੈ। ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਜੇ ਪਰਿਵਾਰ ਨੂੰ ਕਿਸੇ ਵੀ ਤਰ੍ਹਾਂ ਦਾ ਸ਼ੱਕ ਹੈ ਤਾਂ ਸਰਕਾਰ ਪੂਰੀ ਜਾਂਚ ਕਰਵਾਏਗੀ। ਮੰਤਰੀ ਨੇ ਕਿਹਾ ਕਿ ਕੋਈ ਵੀ ਹਸਪਤਾਲ ਇਹ ਨਹੀਂ ਚਾਹੁੰਦਾ ਕਿ ਉਨ੍ਹਾਂ ਦੇ ਮਰੀਜ਼ ਦੀ ਮੌਤ ਹੋਵੇ ਪਰ ਜੇ ਪਰਿਵਾਰ ਨੂੰ ਕਿਸੇ ਤਰ੍ਹਾਂ ਦਾ ਸ਼ੱਕ ਹੈ ਤਾਂ ਉਹ ਪੁਲਸ ਕਮਿਸ਼ਨਰ ਜਾਂ ਸਿਵਲ ਸਰਜਨ ਨੂੰ ਅਰਜ਼ੀ ਦੇ ਸਕਦੇ ਹਨ ਅਤੇ ਸਰਕਾਰ ਨਿਰਪੱਖ ਜਾਂਚ ਕਰਵਾਏਗੀ। ਡਾ. ਬਲਬੀਰ ਸਿੰਘ ਨੇ ਵਰਿੰਦਰ ਘੁੰਮਣ ਦੇ ਦਿਹਾਂਤ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਇਹ ਮੌਤ ਸਡਨ ਕਾਰਡੀਅਕ ਅਰੇਸਟ (ਦਿਲ ਦੇ ਦੌਰੇ) ਕਾਰਨ ਵੀ ਹੋ ਸਕਦੀ ਹੈ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਇਸ 'ਤੇ ਰਿਸਰਚ ਕਰ ਰਹੀ ਹੈ ਕਿਉਂਕਿ ਇਸ ਤਰ੍ਹਾਂ ਦੀਆਂ ਕਈ ਮੌਤਾਂ ਪਹਿਲਾਂ ਵੀ ਹੋ ਚੁੱਕੀਆਂ ਹਨ। ਉਨ੍ਹਾਂ ਮੰਤਰੀ ਕਿਹਾ ਕਿ ਇਸ ਤਰ੍ਹਾਂ ਦੀਆਂ ਮੌਤਾਂ ਦਾ ਸੰਬੰਧ ਫੂਡ ਸਪਲੀਮੈਂਟਸ, ਸਟੀਰਾਇਡਜ਼ ਜਾਂ ਭਾਰੀ ਖੁਰਾਕ ਨਾਲ ਵੀ ਹੋ ਸਕਦਾ ਹੈ। ਸਿਹਤ ਮੰਤਰੀ ਨੇ ਕਿਹਾ ਕਿ ਵਰਿੰਦਰ ਘੁੰਮਣ ਦਾ ਜਾਣਾ ਪੰਜਾਬ ਲਈ ਵੱਡਾ ਨੁਕਸਾਨ ਹੈ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਸਰਕਾਰ ਇਸ ਦੁੱਖ ਦੀ ਘੜੀ ਵਿਚ ਖੜੀ ਹੈ।


AWAZE QAUM TOUR & TRAVEL (YATRA SINCE 2000)
ਆਵਾਜ਼ਿ ਕੌਮ AWAZE QAUM International Newspaper & WEB TV
YATRA
NANKANA SAHIB
WE WILL ALSO BE VISITING 25+ GURDWARA'S AND HISTORICAL PLACES
30 OCT TO 8 NOV, 2025
YATRA INCLUDES:
• GURDWARA NANKANA SAHIB
• GURDWARA PATTI SAHIB
• GURDWARA TAMBU SAHIB
• GURDWARA KIARA SAHIB
• GURDWARA MALJI SAHIB
• GURDWARA BAL LILA SAHIB
• GURDWARA SACHA SAUDA
• GURDWARA RORI SAHIB
• GURDWARA PANJA SAHIB
• GURDWARA BEBE DI BER SIALKOT
• GURDWARA DERA SAHIB
• JANAM ASTHAN BEBE NANKI JI
• BHAI LALU JI DA GHAR
• JANAM ASTHAN GURU RAMDAS JI
• GURDWARA SHRI KARTARPUR SAHIB
• GURDWARA SHAHEED GANJ LAHORE
• MATA SAHIB KAUR JI JANAM ASTHAN
• DARBAR SAI MIAN MIR JI
• SHAHI QILA (SIKH FORT)
RAGHBIR SINGH
+44
7976 210 161
PACKAGE INCLUDES:
PAKISTAN VISA+ HOTEL(TWIN SHARE)+
LUXURY TRANSPORT+ VEG. FOOD +
MINERAL WATER AND MUCH MORE
CANADA SANGAT: +1 647.231.1600 – USA SANGAT: +1 716.342.6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥





ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# 29ਵਾਂ ਸਲਾਨਾ ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰ. 98141-27470, 84278-66404, 73408-35137




ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
HSBC
Night Pharmacy
Ladlee Direct
Ross Walk Launderette
Shiva Shakti Foods
Chai Paani
Roopkala Beauty Salon
Heena Tailor
Hyderabad Wala - Leicester
Cossington Recreation ground
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਿਨ ਐਤਵਾਰ 19 ਅਕਤੂਬਰ 2025

ਸ਼ਹੀਦੀ ਦਿਹਾੜਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਨਗਰ ਕੀਰਤਨ ਦੀ ਆਰੰਭਤਾ ਸਮਾਂ 12:00 ਤੋਂ ਸ਼ਾਮ 5 ਵਜੇ ਪਿੰਡ ਕਾਜ਼ਲਮੋਰਾਨੋ ਵਿਚ ਹੀ ਸਮਾਪਤੀ ਹੋਵੇਗੀ।

ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:00 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਸ਼ਰਨ ਸਿੰਘ ਜੀ ਯੂ ਕੇ ਵਾਲੇ , ਕਥਾ ਵਾਚਕ , ਕਵੀਸ਼ਰੀ ਜਥਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ
AWAZE QAUM
International Newspaper & WEB TV

## ਇੰਗਲੈਂਡ ਅਤੇ ਯੋਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

### ਆਵਾਜ਼ਿ ਕੌਮ ਟੂਰ & ਟਰੇਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।

ਨਵੰਬਰ 2025
ਬੁਕਿੰਗ ਸ਼ੁਰੂ ਹੈ

ਪਾਕਿਸਤਾਨ ਯਾਤਰਾ ਪੈਕੇਜ £1650



NOV 2025
Book Now

Pakistan Yatra Package £1650

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋਂ 2010 ਤੋਂ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋਂ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋਂ ਵੱਧ ਗੁਰਧਾਮਾਂ ਦੇ ਦਰਸ਼ਨ, ਯੋਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੋਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

Yatra Expenses from UK: Pakistan 950 + Dubai 695 = From Europe Pakistan 1095 Dubai 795
( Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)
Special Discount on Yatra for family with Kids & 5 Star Yatra Package available on request



## Awaze Qaum Tour & Travels

**Tel: + 44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007



Awaze Qaum Tour & Travels & Raghbir Singh Jatha
SINGH TRAVEL & TOURS LTD.
Singh Travel
GURDHAM YATRA & SEVA SOCIETY
CANADA
GURDHAMYATRA.COM
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals Ac Buses, 5 Attractions Airport & hotel
UK. 695
Europe. 795
9 Days + Veg meals, Ac Buses, Visa+ Hotels & Z+ Security, Without Ticket
UK. 950
Europe. 1095
Pakistan Yatra 9 Days + Veg meals, Ac Buses, Visa+ Hotels, Z+ Security & Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਜੋੜ ਮੇਲਾ ਬੀੜ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ



☛ ਕੌਮੀ ਜੋਧੇ ਸਹੀਦੀ ਦਿਹਾੜਾ ਭਾਈ ਸੁਖਦੇਵ ਸਿੰਘ ਸੁੱਖਾ ਅਤੇ ਭਾਈ ਹਰਜਿੰਦਰ ਸਿੰਘ ਜਿੰਦਾ ☛ ਜਨਮ ਦਿਵਸ ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ।

☛ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਭਾਈ ਜੋਗਿੰਦਰ ਸਿੰਘ ਵੱਲੋਂ ਲਈ ਗਈ ਹੈ।

**ਸ਼ਨਿੱਚਰਵਾਰ 11 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 12 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕੀਰਤਨ ਜਥਾ ਰਾਗੀ ਪਰਮਵੀਰ ਸਿੰਘ ਇਟਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਨੇ ਗੁਰਦੁਆਰਾ ਸਾਹਿਬ ਰਾਵਲਪਿੰਡੀ ਵਿਖੇ ਕੀਤਾ ਵਿਸ਼ੇਸ਼ ਮੀਟਿੰਗ

## 1 ਨਵੰਬਰ 2025 ਨੂੰ ਜੱਸੋਵਾਲ ਸਮਾਗਮ ਵਿੱਚ ਸ਼ਮੂਲੀਅਤ ਦੀ ਕੀਤੀ ਅਪੀਲ



**ਰਾਵਲਪਿੰਡੀ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਨਾਲ ਸੰਬੰਧਿਤ ਤੇ ਇੰਟਰਨੈਸ਼ਨਲ ਪੰਥ ਦਲ ਦੇ ਅੰਤਰਰਾਸ਼ਟਰੀ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਜੀ ਨੇ ਅੱਜ ਗੁਰਦੁਆਰਾ ਸਾਹਿਬ ਰਾਵਲਪਿੰਡੀ ਵਿਖੇ ਇੱਕ ਵਿਸ਼ੇਸ਼ ਧਾਰਮਿਕ ਮੀਟਿੰਗ ਕਰਦਿਆਂ ਸੰਗਤਾਂ ਨੂੰ ਗੁਰਮੱਤ ਮਰਿਆਦਾ, ਸੇਵਾ ਤੇ ਪੰਥਕ ਏਕਤਾ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸੈਕਟਰੀ, ਗ੍ਰੰਥੀ ਸਿੰਘ, ਪਿੰਡ ਦੀ ਪੰਚਾਇਤ, ਸਰਪੰਚ ਬੀਬੀ ਰੀਨਾ ਰਾਏ, ਵਾਈਸ ਪ੍ਰਧਾਨ ਗੁਰਪਾਲ ਸਿੰਘ, ਸੈਕਟਰੀ ਭੁਪਿੰਦਰ ਸਿੰਘ, ਅਤੇ ਪਿੰਡ ਦੇ ਹੋਰ ਪਤਵੰਤੇ ਸ਼ਖ਼ਸ ਮੌਜੂਦ ਸਨ। ਸੰਗਤਾਂ ਨੇ ਬਾਬਾ ਜੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।

**ਬਾਬਾ ਜੀ ਵੱਲੋਂ ਸੰਗਤਾਂ ਨੂੰ ਗੁਰਮੱਤ ਸਨੇਹਾ :** ਧਾਰਮਿਕ ਤੇ ਸਮਾਜਕ ਮਸਲਿਆਂ ਉੱਤੇ ਗੰਭੀਰ ਵਿਚਾਰ-ਵਟਾਂਦਰੇ ਦੌਰਾਨ ਬਾਬਾ ਚਰਨਜੀਤ ਸਿੰਘ ਜਸੋਵਾਲ ਜੀ ਨੇ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਤੇਗ. ਬਹਾਦਰ

ਆਵਾਜ਼ਿ ਕੌਮ
AWAZE QAUM
International Newspaper & WEB TV

ਸਾਹਿਬ ਜੀ ਦੀ 350 ਸਾਲਾਂ ਸਹੀਦੀ ਨੂੰ ਸਮਰਪਿਤ 1 ਨਵੰਬਰ 2025 ਨੂੰ ਬੱਬਰਾਂ ਦੀ ਛਾਉਣੀ, ਜਸੋਵਾਲ ਵਿਖੇ ਹੋਣ ਵਾਲੇ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ ਇਹ ਸਮਾਗਮ ਸਿਰਫ਼ ਇੱਕ ਧਾਰਮਿਕ ਇਕੱਠ ਨਹੀਂ ਹੋਵੇਗਾ, ਸਗੋਂ ਪੰਥਕ ਏਕਤਾ, ਸੇਵਾ ਅਤੇ ਗੁਰਮੱਤ ਪ੍ਰਚਾਰ ਦਾ ਪ੍ਰਤੀਕ ਹੋਵੇਗਾ। "ਜਿਸ ਤਰ੍ਹਾਂ ਸਾਡੇ ਗੁਰੂ ਸਾਹਿਬਾਨਾਂ ਨੇ ਸਚਾਈ, ਸ਼ਰਧਾ ਅਤੇ ਕੁਰਬਾਨੀ ਦਾ ਪਾਠ ਪੜ੍ਹਾਇਆ, ਅਸੀਂ ਵੀ ਉਹੀ ਰਸਤਾ ਅਪਣਾਈਏ। ਸੰਗਤਾਂ ਦੀ ਏਕਤਾ ਹੀ ਪੰਥ ਦੀ ਤਾਕਤ ਹੈ," — ਬਾਬਾ ਚਰਨਜੀਤ ਸਿੰਘ ਜਸੋਵਾਲ ਜੀ

**ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸਨਮਾਨ ਸਮਾਰੋਹ :** ਸੰਗਤ ਦੀ ਹਾਜ਼ਰੀ ਵਿੱਚ ਬਾਬਾ ਚਰਨਜੀਤ ਸਿੰਘ ਜਸੋਵਾਲ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਜੀ ਨੇ ਵੀ ਸਰਪੰਚ ਬੀਬੀ ਰੀਨਾ ਰਾਏ, ਪਿੰਡ ਦੀ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਨਮਾਨ ਕਰਦਿਆਂ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਰਾਵਲਪਿੰਡੀ ਦੇ ਨਗਰ ਨਿਵਾਸੀ ਹਮੇਸ਼ਾਂ ਧਾਰਮਿਕ ਤੇ ਸਮਾਜਕ ਮੋਰਚਿਆਂ 'ਤੇ ਅੱਗੇ ਰਹਿੰਦੇ ਹਨ ਅਤੇ ਉਨ੍ਹਾਂ ਦੀ ਨਿਸ਼ਠਾ ਤੇ ਸੇਵਾ ਭਾਵਨਾ ਕਾਬਿਲ-ਏ-ਤਾਰੀਫ਼ ਹੈ।

ਇਸ ਮੌਕੇ ਹੇਠ ਲਿਖੇ ਪਤਵੰਤੇ ਸ਼ਖ਼ਸ ਮੌਜੂਦ ਰਹੇ:

ਭੁਪਿੰਦਰ ਸਿੰਘ (ਸੈਕਟਰੀ, ਗੁਰਦੁਆਰਾ ਸ਼੍ਰੀ ਗੁਰੂ ਨਾਨਕ ਨਿਵਾਸ)
ਗੁਰਪਾਲ ਸਿੰਘ (ਵਾਈਸ ਪ੍ਰਧਾਨ)
ਬੀਬੀ ਰੀਨਾ ਰਾਏ (ਸਰਪੰਚ)




ਹਰਿੰਦਰਜੀਤ ਸਿੰਘ, ਬਲਜੀਤ ਸਿੰਘ, ਨਾਨਕ ਸਿੰਘ, ਮਨੀਸ਼ਾ, ਆਸ਼ਾ ਰਾਣੀ (ਪੰਚ ਮੈਂਬਰ) ਰਗਵਿੰਦਰ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ (ਫੌਜੀ), ਸੁਖਜੀਵਨ ਸਿੰਘ ਮਾਹਲ, ਸਚਿਨ ਕੁਮਾਰ, ਸੁਰਿੰਦਰ ਸਿੰਘ, ਜਸਵੰਤ ਕੌਰ, ਕਸ਼ਮੀਰ ਕੌਰ, ਰੇਸ਼ਮ ਕੌਰ, ਪਰਮਜੀਤ ਕੌਰ, ਸੰਦੀਪ ਕੌਰ, ਕੁਲਵੀਰ ਕੌਰ, ਜਸਮੀਨ ਕੌਰ, ਕੁਲਵਿੰਦਰ ਕੌਰ।

ਸੰਗਤ ਨੇ ਬਾਬਾ ਜੀ ਦੇ ਉਪਦੇਸ਼ਾਂ ਨੂੰ ਸਿਰ ਮੱਥੇ ਲਾਇਆ ਅਤੇ 1 ਨਵੰਬਰ ਦੇ ਸਮਾਗਮ ਵਿੱਚ ਪੂਰੀ ਸ਼ਰਧਾ ਨਾਲ ਹਾਜ਼ਰੀ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ।



**ਬਾਬਾ ਜੀ ਵੱਲੋਂ ਸੰਦੇਸ਼ :** ਬਾਬਾ ਚਰਨਜੀਤ ਸਿੰਘ ਜਸੋਵਾਲ ਜੀ ਨੇ ਅੰਤ ਵਿੱਚ ਕਿਹਾ ਕਿ ਜਿਹੜੀ ਸੰਗਤ ਆਪਣੇ ਗੁਰੂਆਂ ਦੇ ਬਚਨ ਤੇ ਅਮਲ ਕਰਦੀ ਹੈ, ਉਹ ਸਦਾ ਆਤਮਕ ਤੌਰ 'ਤੇ ਪ੍ਰਕਾਸ਼ਿਤ ਰਹਿੰਦੀ ਹੈ। ਉਨ੍ਹਾਂ ਨੇ ਦੁਬਾਰਾ ਬੇਨਤੀ ਕੀਤੀ ਕਿ ਸਾਰੇ ਸਿਖ ਸੰਗਤ 1 ਨਵੰਬਰ ਨੂੰ ਜਸੋਵਾਲ ਵਿਖੇ ਪਹੁੰਚ ਕੇ ਸਮਾਗਮ ਨੂੰ ਸਫਲ ਬਣਾਉਣ, ਤਾਂ ਜੋ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ ਸਹੀਦੀ ਦੇ ਪਵਿੱਤਰ ਉਦੇਸ਼ ਨੂੰ ਹੋਰ ਵਿਆਪਕ ਰੂਪ ਦਿੱਤਾ ਜਾ ਸਕੇ। ਇਹ ਸਮਾਗਮ ਪੰਥਕ ਇਕਤਾ ਅਤੇ ਗੁਰਮੱਤ ਮਰਿਆਦਾ ਦੇ ਪ੍ਰਚਾਰ ਦਾ ਪ੍ਰਤੀਕ ਹੋਵੇਗਾ। ••

ਅਕਾਲੀ ਦਲ ਬਾਦਲ ਨੂੰ ਵੱਡਾ ਝਟਕਾ

# ਅਮਰੀਕ ਸਿੰਘ ਬਿੱਟਾ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਹੋਏ ਸ਼ਾਮਲ ਬਾਪੂ ਤਰਸੇਮ ਸਿੰਘ ਨੇ ਸਿਰਪਾਓ ਪਾ ਕੇ ਕੀਤਾ ਸਵਾਗਤ



**ਜੰਡਿਆਲਾ ਗੁਰੂ, 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਆਪਣੇ ਆਗੂਆਂ ਨੂੰ ਨਜ਼ਰਅੰਦਾਜ਼ ਕਰਦੀ ਆ ਰਹੀ ਇਸੇ ਚਲਦਿਆਂ ਪਾਰਟੀ ਦੀ ਹਾਲਤ ਕਮਜ਼ੋਰ ਹੁੰਦੀ ਜਾ ਰਹੀ ਤੇ ਪੁਰਾਣੇ ਸੀਨੀਅਰ ਆਗੂ ਪਾਰਟੀ ਨੂੰ ਛੱਡ ਹੋਰਨਾਂ ਪਾਰਟੀਆਂ ਵਿਚ ਸ਼ਾਮਲ ਹੁੰਦੇ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਤੋਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਰਕਮ ਸਿੰਘ ਮਜੀਠੀਆ ਦੇ ਕਰੀਬੀ ਅਮਰੀਕ ਸਿੰਘ ਬਿੱਟਾ ਨੇ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿਚ ਸ਼ਾਮਲ ਹੋਣ ਤੋਂ ਬਆਦ ਕੀਤਾ। ਬਿੱਟਾ ਨੂੰ ਬਾਪੂ ਤਰਸੇਮ ਸਿੰਘ ਨੇ ਪਾਰਟੀ ਵਿਚ ਸ਼ਾਮਲ ਹੋਣ ਤੇ ਜੀ ਆਇਆ ਕਿਹਾ। ਇਸ ਮੌਕੇ ਤੇ ਬਿੱਟਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਮਿਹਨਤੀ ਆਗੂਆਂ ਨੂੰ ਮਗਰਲੀ ਕਤਾਰ ਵਿਚ ਧੱਕਣਾ ਚਾਹੁੰਦੇ ਹਨ ਤੇ ਨਵੇਂ ਲੋਕ ਜਿੰਨਾਂ ਦਾ ਪਾਰਟੀ ਨੂੰ ਕੋਈ ਬਹੁਤਾ ਯੋਗਦਾਨ ਨਹੀਂ ਹੈ ਉਨ੍ਹਾਂ ਨੂੰ ਅੱਗੇ ਲਗਾ ਕਿ ਰੱਖਣਾ ਚਾਹੁੰਦੇ ਹਨ। ਉਨ੍ਹਾਂ ਨੇ ਕਿਹਾ ਜਦੋਂ ਸੋਦਾ ਸਾਧ ਨੂੰ ਮੁਆਫੀ ਦਿਵਾਈ ਗਈ ਤਾਂ ਉਸ ਸਮੇਂ ਮੈਂ ਬਹੁਤ ਵਿਰੋਧ ਜਿਤਾਇਆ ਸੀ ਪਰ ਪਾਰਟੀ ਪ੍ਰਧਾਨ ਨੇ ਕਿਸੇ ਦੀ ਸੁਣੀ ਨਹੀਂ ਜਿਸ ਕਰਕੇ ਲੋਕਾਂ ਨੇ ਬਾਦਲ ਦਲ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ। ਅੱਗੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਬਹੁਤ ਸੂਝਵਾਨ ਤੇ ਸਿਆਣੇ ਜਿੰਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਲੋਕ ਸਭਾ ਦੀਆਂ ਚੋਣਾਂ ਵਿਚ ਵੱਡੀ ਲੀਡ ਨਾਲ ਜਿਤਾਇਆ ਹੈ ਤੇ ਉਸ ਸਮੇਂ ਅਕਾਲੀ ਦਲ ਬਾਦਲ ਨੂੰ ਆਪਣਾ ਉਮੀਦਵਾਰ ਚੋਣ ਮੈਦਾਨ ਵਿਚ ਨਹੀਂ ਸੀ ਉਤਾਰਨਾ ਚਾਹੀਦਾ ਇਹ ਦਿਖਾਵਾ ਪੰਥਕ ਹੋਣ ਦਾ ਕਰਦੇ ਹਨ ਪਰ ਅੰਦਰਖਾਤੇ ਸੱਤਾ ਤੇ ਕਾਬਜ਼ ਹੋਣਾ ਮੁੱਖ ਮੰਤਵ ਹੈ। ਉਨ੍ਹਾਂ ਨੇ ਕਿਹਾ ਲੋਕ ਸਮਝ ਚੁੱਕੇ ਹਨ ਕਿ ਪੰਜਾਬ ਦਾ ਭਲਾ ਤਾਂ ਹੀ ਹੋ ਸਕਦਾ ਹੈ ਜੇਕਰ ਭਾਈ ਅੰਮ੍ਰਿਤਪਾਲ ਸਿੰਘ ਵਰਗੇ ਚੰਗੀ ਸੋਚ ਅਤੇ ਵਧੀਆ ਚਿਹਰੇ ਅੱਗੇ ਆਉਣਗੇ। ਮੌਜੂਦਾ ਸਰਕਾਰ ਵੀ ਬੁਰੀ ਤਰ੍ਹਾਂ ਫਲਾਪ ਸਾਬਤ ਹੋਈ ਹੈ ਜਿੰਨਾਂ ਤੇ ਲੋਕਾਂ ਨੇ ਵੱਡਾ ਭਰੋਸਾ ਕਰਕੇ ਜਿਤਾਇਆ ਸੀ, ਉਹ ਲੋਕ ਹੁਣ ਪਛਤਾਵਾ ਕਰ ਰਹੇ ਹਨ। ਬਿੱਟਾ ਨੇ ਕਿਹਾ ਕਿ ਲੋਕਾਂ ਦੀ ਪਹਿਲੀ ਪਸੰਦ ਭਾਈ ਅੰਮ੍ਰਿਤਪਾਲ ਸਿੰਘ ਬਣ ਚੁੱਕੇ ਜੋ ਪੰਜਾਬ ਦੇ ਭਲੇ ਕੰਮ ਕਰਨਾ ਚਾਹੁੰਦੇ ਹਨ ਜਿੰਨਾਂ ਨੂੰ ਕੇਂਦਰ ਤੇ ਪੰਜਾਬ ਸਰਕਾਰ ਨੇ ਜਾਣ ਬੁੱਝ ਕੇ ਅਸਾਮ ਦੀ ਜੇਲ ਵਿਚ ਨਜ਼ਾਇਜ਼ ਢੰਗ ਨਾਲ ਐਨ.ਐਸ.ਏ. ਲਗਾ ਕੇ ਰੱਖਿਆ ਹੋਇਆ ਹੈ। ਇੰਨਾਂ ਨੂੰ ਡਰ ਹੈ ਕਿ ਜਦੋਂ ਭਾਈ ਸਾਹਿਬ ਨੂੰ ਰਿਹਾਅ ਕੀਤਾ ਤਾਂ ਵੱਡੀ ਲੋਕ ਲਹਿਰ ਉੱਠੇਗੀ ਜੋ ਬਾਕੀ ਸਭ ਪਾਰਟੀ ਨੂੰ ਬੁਰੀ ਤਰ੍ਹਾਂ ਵਿਧਾਨ ਸਭਾ ਦੀਆਂ ਚੋਣਾਂ ਵਿਚ ਹਰਾ ਦੇਵੇਗੀ। ਏਸੇ ਦੇ ਚਲਦਿਆਂ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਲੋਕ ਬਸ ਹੁਣ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਇੰਤਜ਼ਾਰ ਕਰ ਰਹੇ ਹਨ ਜਿਸ ਵਿਚ ਵਾਰਿਸ ਪੰਜਾਬ ਦੇ ਪਾਰਟੀ ਵੱਡੀ ਪਾਰਟੀ ਬਣ ਕਿ ਉਭਰੇਗੀ ਤੇ ਸੱਤਾ ਵਿਚ ਆਵੇਗੀ। ਇਸ ਮੌਕੇ ਜੋਹਲ, ਸੁਖਚੈਨ ਸਿੰਘ, ਮੇਜਰ ਸਿੰਘ, ਪ੍ਰਗਟ ਸਿੰਘ, ਜਸਵਿੰਦਰ ਸਿੰਘ ਬਾਦਲ, ਸ਼ਰਨਜੀਤ ਸਿੰਘ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

> ਵਾਰਿਸ ਪੰਜਾਬ ਦੇ ਪਾਰਟੀ ਵੱਡੀ ਪਾਰਟੀ ਬਣ ਕਿ ਉਭਰੇਗੀ ਤੇ ਸੱਤਾ ਵਿੱਚ ਆਵੇਗੀ ਅਮਰੀਕ ਸਿੰਘ ਬਿੱਟਾ

ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਬਾਰੇ ਕਾਲਕਾ ਤੇ ਕਾਹਲੋਂ ਦੀ ਅਗਵਾਈ 'ਚ

# ਦਿੱਲੀ ਕਮੇਟੀ ਵਫਦ ਵੱਲੋਂ ਐਡਵੋਕੇਟ ਧਾਮੀ ਨਾਲ ਵਿਚਾਰ ਵਟਾਂਦਰਾ



**ਨਵੀਂ ਦਿੱਲੀ, 10 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਦਿੱਲੀ ਗੁਰਦੁਆਰਾ ਕਮੇਟੀ ਦੇ ਵਫਦ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਤਿਹਾਸਕ ਦਿਹਾੜਾ ਮਨਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਅੰਮ੍ਰਿਤਸਰ ਵਿਚ ਵਫਦ ਦੀ ਮੁਲਾਕਾਤ ਦੌਰਾਨ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਐਡਵੋਕੇਟ ਧਾਮੀ ਨੂੰ ਇਹ ਦਿਹਾੜਾ ਰਲ ਮਿਲ ਕੇ ਇਤਿਹਾਸਕ ਪੱਧਰ 'ਤੇ ਮਨਾਉਣ ਵਾਸਤੇ ਅਪੀਲ ਕੀਤੀ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਸਭ ਤੋਂ ਵੱਡੀ ਸੰਸਥਾ ਹੈ ਤੇ ਇਸਨੂੰ ਇਹ ਇਤਿਹਾਸਕ ਦਿਹਾੜਾ ਮਨਾਉਣ ਵਿਚ ਦਿੱਲੀ ਗੁਰਦੁਆਰਾ ਕਮੇਟੀ ਨੂੰ ਸਹਿਯੋਗ ਦੇਣਾ ਚਾਹੀਦਾ ਹੈ ਕਿਉਂਕਿ ਗੁਰੂ ਸਾਹਿਬ ਦੀ ਸ਼ਹਾਦਤ ਤੇ ਉਹਨਾਂ ਦਾ ਅੰਤਿਮ ਸਸਕਾਰ ਦਿੱਲੀ ਵਿਚ ਹੀ ਹੋਇਆ ਸੀ ਜਿਥੇ ਅੱਜ ਗੁਰਦੁਆਰਾ ਸੀਸਗੰਜ ਸਾਹਿਬ ਤੇ ਗੁਰਦੁਆਰਾ ਰਕਾਬਗੰਜ ਸਾਹਿਬ ਸਥਿਤ ਹਨ। ਉਹਨਾਂ ਨੇ ਐਡਵੋਕੇਟ ਧਾਮੀ ਨੂੰ ਅਪੀਲ ਕੀਤੀ ਕਿ 23, 24 ਅਤੇ 25 ਨਵੰਬਰ ਨੂੰ ਲਾਲ ਕਿਲ੍ਹੇ 'ਤੇ ਵੱਡੇ ਸਮਾਗਮ ਹੋ ਰਹੇ ਹਨ ਜਿਸ ਵਾਸਤੇ ਸ਼੍ਰੋਮਣੀ ਕਮੇਟੀ ਨੂੰ ਵੱਧ ਚੜ੍ਹ ਕੇ ਸਹਿਯੋਗ ਦੇਣਾ ਚਾਹੀਦਾ ਹੈ। ਉਹਨਾਂ ਆਸ ਪ੍ਰਗਟ ਕੀਤੀ ਕਿ ਸ਼੍ਰੋਮਣੀ ਕਮੇਟੀ ਆਪ ਸਮੁੱਚੀ ਸਿੱਖ ਕੌਮ ਨੂੰ ਅਪੀਲ ਕਰੇਗੀ ਕਿ ਇਹਨਾਂ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇ। ਉਹਨਾਂ ਨੇ ਹੁਣ ਦੇ ਸਹਿਯੋਗ ਲਈ ਐਡਵੋਕੇਟ ਧਾਮੀ ਦਾ ਧੰਨਵਾਦ ਵੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡੋਵਕੇਟ ਸੁਖਦੇਵ ਸਿੰਘ ਟਪਿਆਲਾ ਨੇ ਪੰਜਾਬੀ ਸਾਹਿਤ ਸਭਾ ਸਠਿਆਲਾ ਵਲੋਂ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਅਹਿਮ ਯੋਗਦਾਨ ਪਾਉਣ ਦੀ ਸ਼ਲਾਘਾ



**ਚੌਕ ਮਹਿਤਾ, 10 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਸਾਹਿਤ ਸਠਿਆਲਾ ਸਭਾ ਸਠਿਆਲਾ ਵਲੋਂ ਨਿਰੰਤਰ ਚਲ ਰਹੀ ਪੰਜਾਬੀ ਸਾਹਿਤ ਸਭਾ , ਜਿਸ ਦਾ ਮੁੱਖ ਉਦੇਸ਼ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨਾ ਹੈ ।ਇਸ ਮੌਕੇ ਤੇ ਐਡੋਵਕੇਟ ਸੁਖਦੇਵ ਸਿੰਘ ਟਪਿਆਲਾ ਨੇ ਪੰਜਾਬੀ ਸਾਹਿਤ ਸਭਾ ਸਠਿਆਲਾ ਦੇ ਪ੍ਰਧਾਨ ਕਰਨ ਸਫਰੀ ਤੇ ਸੰਚਾਲਕ ਮਾ: ਜਗੀਰ ਸਿੰਘ ਵਲੋਂ ਸਭਾ ਬਣੇ ਕੇ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਅਹਿਮ ਯੋਗਦਾਨ ਪਾਉਣ ਦੀ ਪ੍ਰਸ਼ੰਸ਼ਾ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਸਭਾ ਵਲੋਂ ਪਿੰਡ- ਪਿੰਡ ਕਵੀ ਦਰਬਾਰ ਕਰਵਾਉਣੇ ਚਾਹੀਦੇ ਹਨ ਤਾਂ ਕਿ ਨਵੀਆਂ ਕਲਮਾਂ ਪੈਦਾ ਕੀਤੀਆਂ ਜਾ ਸਕਣ ਤੇ ਉਨ੍ਹਾਂ ਨੇ ਪ੍ਰੈਸ ਰਾਹੀ ਸ਼ੰਦੇਸ਼ ਦਿੱਤਾ ਹੈ ਕਿ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਅਜੋਕੀ ਪੀੜੀ ਨੂੰ ਪੰਜਾਬੀ ਭਾਸ਼ਾ ਨਾਲ ਜੋੜਨ ਦਾ ਮਨੋਬਲ ਵਧਾਇਆ ਜਾਵੇ ।ਇਸ ਮੌਕੇ ਤੇ ਸਾਹਿਤਕਾਰ ਨਿਰਮਲ ਸਿੰਘ ਟਪਿਆਲਾ ਨੇ ਕਿਹਾ ਕਿ ਪਿੰਡਾਂ ਦੇ ਸਕੂਲੀ ਬੱਚਿਆਂ ਦੀ ਸੁੰਦਰ ਲਿਖਾਈ, ਸਾਹਿਤਿਕ ਰਚਨਾਵਾਂ ਨੂੰ ਪ੍ਰਫੁੱਲਤ ਕਰਨ, ਭਾਸ਼ਣ ਮੁਕਾਬਲੇ ਆਦਿ ਅਤੇ ਸਾਹਿਤਿਕ ਗਤੀਵਿਧੀਆਂ ਕਰਵਾਈਆਂ ਜਾਣ ਤਾਂ ਕਿ ਉਹ ਆਪਣੀ ਪੰਜਾਬੀ ਮਾਂ ਬੋਲੀ ਭਾਸ਼ਾ ਨਾਲ ਜੁੜ ਸਕਣ ।ਇਸ ਮੌਕੇ ਤੇ ਸਾਹਿਤਕਾਰ ਨਿਰਮਲ ਸਿੰਘ ਟਪਿਆਲਾ, ਸਭਾ ਪ੍ਰਧਾਨ ਕਰਨ ਸਫਰੀ, ਰਵੀ ਵਡਾਲਾ ,ਹਰਮਨਬੀਰ ਸਿੰਘ ਧਰਦਿਉ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾਕਟਰ ਮੁਹੰਮਦ ਅਖਤਰ ਦਾ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਡਾਕਟਰ ਮੁਹੰਮਦ ਅਖਤਰ ਸੀਨੀਅਰ ਮੈਡੀਕਲ ਅਫਸਰ ਇੰਨ ਐਸ ਡੀ ਐਚ ਧੂਰੀ ਦਾ ਸਮੂਹ ਸਟਾਫ਼ ਸੀ ਐੱਚ ਸੀ ਸ਼ੇਰਪੁਰ ਵਲੋ ਰਿਟਾਇਰਮੇਂਟ ਹੋਣ ਤੇ ਸਨਮਾਨ ਕੀਤਾ ਗਿਆ । ਇਸ ਸਮੇਂ ਡਾਕਟਰ ਜਸਦੀਪ ਸਿੰਘ ਸੀਨੀਅਰ ਮੈਡੀਕਲ ਅਫਸਰ ਇੰਨ ਸੀ ਐੱਚ ਸੀ ਸ਼ੇਰਪੁਰ, ਮਾਲਵਿੰਦਰ ਸਿੰਘ ਕਲੇਰ ਸੀਨੀਅਰ ਸਹਾਇਕ ,ਤਰਸੇਮ ਸਿੰਘ ਬੀ ਈ ਈ, ਕੁਲਦੀਪ ਸਿੰਘ ਉਪ ਵੈਦ ,ਅਸ਼ੋਕ ਕੁਮਾਰ ਮਲਟੀਪਰਪਜ ਸੁਪਰਵਾਈਜ਼ਰ ਮਿੰਨੀ ਪੀ ਐੱਚ ਸੀ ਕਾਂਝਲਾ, ਗੁਰਜੰਟ ਸਿੰਘ ਮ ਪ ਸ, ਸੁਰਜੀਤ ਸਿੰਘ ਮਪਸ, ਅਵਤਾਰ ਸਿੰਘ ਮ,ਪ,ਸ, ,ਗੁਰਵਿੰਦਰ ਸਿੰਘ ਮ ਪ ਹ ਵ , ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁ: ਸਿੰਘ ਸਭਾ ਸਠਿਆਲਾ ਨੇੜੇ ਪੁਰਾਣਾ ਪੁੱਲ ਢਹਿ ਕੇ ਨਵਾਂ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ



**ਚੌਕ ਮਹਿਤਾ, 11 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਸ ਬਾਰੇ ਗ੍ਰਾਮ ਪੰਚਾਇਤ ਸਠਿਆਲਾ ਦੇ ਸਰਪੰਚ ਚਰਨਜੀਤ ਸਿੰਘ ਭੱਟੀ ਨੇ ਦੱਸਿਆ ਹੈ ਕਿ ਪਿਛਲੇ ਦਿਨੀਂ ਬਰਸਾਤ ਜ਼ਿਆਦਾ ਪੈਣ ਕਾਰਨ ਪੁਰਾਣਾ ਪੁੱਲ ਨੀਵਾਂ ਹੋਣ ਕਰਕੇ ਮੀਂਹ ਦਾ ਪਾਣੀ ਡਰੇਨ ਵਿੱਚ ਜਾਣ ਦੀ ਬਜਾਏ ਲੋਕਾਂ ਦੇ ਘਰਾਂ 'ਚ ਜਾਣ ਲੱਗ ਪਿਆ ਸੀ ,ਇਸ ਕਰਕੇ ਪੰਚਾਇਤ ਵਲੋਂ ਲੋਕਾਂ ਦੀ ਮੰਗ 'ਤੇ ਪੁਰਾਣਾ ਪੁੱਲ ਢਹਿ ਕੇ ਨਵਾਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਮੌਕੇ ਤੇ ਪ੍ਰਧਾਨ ਗੁਰਵਿੰਦਰ ਸਿੰਘ ਗਿੰਦਰ, ਲਖਵਿੰਦਰ ਸਿੰਘ ਲੱਖਾ, ਨਿਰਮਲ ਸਿੰਘ, ਸਤਨਾਮ ਸਿੰਘ ਜੇਠੂਕੇ, ਪੰਚ ਕਸ਼ਮੀਰ ਸਿੰਘ, ਪੰਚ ਹਰਭਜਨ ਸਿੰਘ, ਪੰਚ ਬੂਟਾ ਸਿੰਘ ਠੇਕੇਦਾਰ ਹਰਬੰਸ ਸਿੰਘ,ਗੁਰਪ੍ਰੀਤ ਸਿੰਘ , ਬਚਿੱਤਰ ਸਿੰਘ, ਹਰਪਾਲ ਸਿੰਘ ਕਾਲਾ, ਜਸਬੀਰ ਸਿੰਘ ਸੋਢੀ, ਹਰਪਾਲ ਸਿੰਘ ਕਾਲੂ, ਸਮਰੇਜ ਸਿੰਘ, ਪੰਚ ਜਸਬੀਰ ਕੌਰ, ਪੰਚ ਸੁਖਵਿੰਦਰ ਕੌਰ, ਪੰਚ ਕੁਲਬੀਰ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੈਨੇਡੀਅਨ ਪਾਰਲੀਮੈਂਟ ਮੂਹਰੇ ਵਿਦੇਸ਼ ਮੰਤਰੀ ਅਨੀਤਾ ਆਨੰਦ ਦੇ

# ਭਾਰਤ ਦੌਰੇ ਤੋਂ ਪਹਿਲਾਂ ਸਿੱਖਾਂ ਵਲੋਂ ਭਾਰੀ ਪ੍ਰਦਰਸ਼ਨ






**ਨਵੀਂ ਦਿੱਲੀ 10 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਜਿਵੇਂ ਕਿ ਵਿਦੇਸ਼ ਮੰਤਰੀ ਅਨੀਤਾ ਆਨੰਦ ਭਾਰਤ ਦੀ ਯਾਤਰਾ ਕਰਨ ਦੀ ਤਿਆਰੀ ਕਰ ਰਹੀ ਹੈ, ਖਾਲਿਸਤਾਨ ਪੱਖੀ ਕੈਨੇਡੀਅਨ ਸਿੱਖਾਂ ਨੇ "ਕੈਨੇਡਾ ਦੀ ਪ੍ਰਭੂਸੱਤਾ ਨੂੰ ਕਾਇਮ ਰੱਖਣ ਲਈ ਕੈਨੇਡੀਅਨ ਪਾਰਲੀਮੈਂਟ ਮੂਹਰੇ ਪਾਰਲੀਮੈਂਟ ਹਿੱਲ ਵਿਖੇ "ਖਾਲਿਸਤਾਨ ਜਨਮਤ ਸੰਗ੍ਰਹਿ ਰੈਲੀ" ਰੈਲੀ ਕੀਤੀ । ਰੈਲੀ ਵਿਚ ਪਹੁੰਚੇ ਬਾਬਾ ਸੰਤੋਖ ਸਿੰਘ ਖੇਲਾ ਨੇ ਮੰਗ ਕੀਤੀ ਕਿ ਉਹ ਕੈਨੇਡੀਅਨ ਨਾਗਰਿਕ ਸ਼ਹੀਦ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਵਿੱਚ ਇੱਕ ਭਾਰਤੀ ਖੁਫੀਆ ਅਧਿਕਾਰੀ ਦਾ ਨਾਮ ਲੈਣ ਵਾਲੇ ਨਵੇਂ ਅਮਰੀਕੀ ਨਿਆਂ ਵਿਭਾਗ ਦੇ ਸਬੂਤਾਂ 'ਤੇ ਮੋਦੀ ਸਰਕਾਰ ਦਾ ਸਹਿਯੋਗ ਕਰਨ ਦੀ ਥਾਂ ਤੇ ਉਨ੍ਹਾਂ ਦਾ ਸਾਹਮਣਾ ਕਰੇ। ਜਿਕਰਯੋਗ ਹੈ ਕਿ ਐਸਐਫਜੇ ਵਲੋਂ ਕੀਤੀ ਗਈ ਇਹ ਰੈਲੀ ਕੈਨੇਡੀਅਨ ਮੰਤਰੀ ਆਨੰਦ ਨੂੰ ਲਿਖੇ ਖੁੱਲ੍ਹੇ ਪੱਤਰ ਦੇ ਨਾਲ ਮੇਲ ਖਾਂਦੀ ਹੈ, ਜਿਸ ਵਿੱਚ ਉਨ੍ਹਾਂ ਨੂੰ ਅਮਰੀਕੀ ਅਦਾਲਤ ਦੇ ਸਬੂਤ ਸਿੱਧੇ ਪ੍ਰਧਾਨ ਮੰਤਰੀ ਮੋਦੀ ਨੂੰ ਪੇਸ਼ ਕਰਨ ਅਤੇ ਕੈਨੇਡਾ ਦੀ ਪ੍ਰਭੂਸੱਤਾ ਅਤੇ ਕਾਨੂੰਨ ਦੇ ਰਾਜ ਦੇ ਅਨੁਕੂਲ ਲਿਖਤੀ ਸਪੱਸ਼ਟੀਕਰਨ ਦੀ ਮੰਗ ਕਰਨ ਦੀ ਅਪੀਲ ਕੀਤੀ ਗਈ ਸੀ। ਇੰਦਰਜੀਤ ਸਿੰਘ ਗੋਸਲ ਜਿਸ ਨੂੰ ਜਾਨ ਦੇ ਖਤਰੇ ਦੀ ਚੇਤਾਵਨੀ ਮਿਲੀ ਹੋਈ ਹੈ ਤੇ ਕੈਨੇਡੀਅਨ ਪੁਲਿਸ ਕੋਲੋਂ ਗਵਾਹਾਂ ਦੀ ਸੁਰੱਖਿਆ ਤੋਂ ਇਨਕਾਰ ਕੀਤਾ ਸੀ ਨੇ ਰੈਲੀ ਵਿਚ ਸ਼ਿਰਕਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਕਾਰਨੀ ਅਤੇ ਮੰਤਰੀ ਅਨੀਤਾ ਆਨੰਦ ਨੂੰ ਮੇਰਾ ਸੁਨੇਹਾ ਸਪੱਸ਼ਟ ਹੈ ਮੈਂ ਮੋਦੀ ਦੇ ਭਾਰਤ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਦੀ ਪਰਵਾਹ ਕੀਤੇ ਬਿਨਾਂ ਖਾਲਿਸਤਾਨ ਰਾਇਸ਼ੁਮਾਰੀ ਮੁਹਿੰਮ ਜਾਰੀ ਰੱਖਾਂਗਾ। ਇਹ ਕੈਨੇਡੀਅਨ ਸਰਕਾਰ ਦਾ ਫਰਜ਼ ਹੈ ਕਿ ਉਹ ਭਾਰਤੀ ਡਿਪਲੋਮੈਟਾਂ ਨੂੰ ਜਵਾਬਦੇਹ ਠਹਿਰਾਏ ਜੋ ਕੈਨੇਡੀਅਨ ਧਰਤੀ 'ਤੇ ਕਾਤਲਾਂ ਦੀ ਭਰਤੀ ਅਤੇ ਨਿਯੁਕਤੀ ਕਰ ਰਹੇ ਹਨ। ਆਰਸੀਐਮਪੀ ਜਾਂਚ, ਸੰਸਦੀ ਚੇਤਾਵਨੀਆਂ ਅਤੇ ਅਮਰੀਕੀ ਅਦਾਲਤ ਦੇ ਸਬੂਤਾਂ ਨੂੰ ਨਜ਼ਰਅੰਦਾਜ਼ ਕਰਨਾ ਕੂਟਨੀਤੀ ਨਹੀਂ ਹੈ, ਇਹ ਕੈਨੇਡਾ ਦੀ ਪ੍ਰਭੂਸੱਤਾ ਨਾਲ ਵਿਸ਼ਵਾਸਘਾਤ ਹੈ।

### ਭਾਰਤ ਨਾਲ ਕੈਨੇਡੀਅਨ ਪ੍ਰਭੂਸੱਤਾ ਦਾ ਵਪਾਰ ਨਹੀਂ ਕੀਤਾ ਜਾ ਸਕਦਾ, ਮੋਦੀ ਦੇ ਸ਼ਾਸਨ ਨਾਲ ਸਹਿਯੋਗ ਨਹੀਂ ਮੁਕਾਬਲਾ ਕਰੋ: ਪਨੂੰ

ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਮੰਤਰੀ ਅਨੀਤਾ ਆਨੰਦ ਦੀਆਂ ਕਾਰਵਾਈਆਂ ਇਹ ਫੈਸਲਾ ਕਰਨਗੀਆਂ ਕਿ ਕੈਨੇਡਾ ਕਾਨੂੰਨ, ਆਜ਼ਾਦੀ ਅਤੇ ਪ੍ਰਭੂਸੱਤਾ ਲਈ ਖੜ੍ਹਾ ਹੈ ਜਾਂ ਮੋਦੀ ਦੇ ਭਾਰਤ ਅੱਗੇ ਝੁਕਦਾ ਹੈ, ਜੋ ਖਾਲਿਸਤਾਨ ਰੈਫਰੈਂਡਮ ਕਾਰਕੁਨਾਂ ਦਾ ਖੂਨ ਵਹਾਉਂਦਾ ਹੈ। ਇਹ ਟਕਰਾਅ ਦਾ ਪਲ ਹੈ, ਸਹਿਯੋਗ ਦਾ ਨਹੀਂ । ਸਰਦਾਰ ਜਸਵਿੰਦਰ ਸਿੰਘ ਸਕੱਤਰ ਗੁਰਦੁਆਰਾ ਸਾਹਿਬ ਲਸਾਲ ਵਲੋਂ ਇਸ ਮੌਕੇ ਵਡੀ ਗਿਣਤੀ ਵਿਚ ਸੰਗਤਾਂ ਨੂੰ ਇਕਠੀਆਂ ਕਰਕੇ ਪਾਰਲੀਮੈਂਟ ਹਿਲ ਲੈ ਜਾਇਆ ਗਿਆ ਸੀ ਤੇ ਉਨ੍ਹਾਂ ਨੇ ਰੈਲੀ ਵਿਚ ਸ਼ਿਰਕਤ ਕਰਣ ਵਾਲੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਰੈਫਰੈਂਡਮ ਦਾ ਅਗਲਾ ਪੜਾਅ 23 ਨਵੰਬਰ, 2025 ਨੂੰ ਓਟਾਵਾ ਵਿੱਚ ਹੋਵੇਗਾ, ਜਿਸ ਨਾਲ ਭਾਰਤ ਸਰਕਾਰ ਨੂੰ ਇੱਕ ਸਪੱਸ਼ਟ ਸੰਦੇਸ਼ ਜਾਵੇਗਾ ਕਿ ਪੰਜਾਬ ਨੂੰ ਭਾਰਤੀ ਕਬਜ਼ੇ ਤੋਂ ਆਜ਼ਾਦ ਕਰਵਾਉਣ ਦੀ ਲਹਿਰ ਨੂੰ ਦਬਾਇਆ ਨਹੀਂ ਜਾ ਸਕਦਾ, ਨਾ ਤਾਂ ਸ਼ਹੀਦ ਨਿੱਝਰ ਦੀ ਹੱਤਿਆ ਨਾਲ, ਨਾ ਹੀ ਕੈਨੇਡਾ ਵਿੱਚ ਚੱਲ ਰਹੀਆਂ ਹੱਤਿਆ ਦੀਆਂ ਸਾਜ਼ਿਸ਼ਾਂ ਨਾਲ। ਰੈਲੀ ਵਿਚ ਪਹੁੰਚੀਆਂ ਸੰਗਤਾਂ ਨੇ ਹੱਥਾਂ ਵਿਚ ਖਾਲਿਸਤਾਨੀ ਝੰਡੇ ਫੜੇ ਹੋਏ ਸਨ ਤੇ ਖਾਲਸਾਈ ਨਾਹਰਿਆ ਨਾਲ ਗੂੰਜਾ ਪੈ ਰਹੀਆਂ ਸਨ ।

### ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ ਵਾਲਿਆ ਦੇ ਗ੍ਰਹਿ ਵਿਖੇ ਸਮਾਗਮ ਅੱਜ

# ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਕਥਾ ਆਪ ਕਰਨਗੇ

**ਚੌਕ ਮਹਿਤਾ, 10 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਭਾਈ ਨਰਿੰਦਰ ਸਿੰਘ ਦੇ ਸਪੁੱਤਰ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਲਵਪਰੀਤ ਸਿੰਘ ਜੀ ਗ੍ਰਹਿ ਵਿੱਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪਵਿੱਤਰ ਪਾਵਨ ਅਵਤਾਰ ਦਿਹਾੜੇ ਦੀਆਂ ਖੁਸੀਆਂ ਵਿੱਚ ਸ੍ਰੀ ਸਹਿਜ ਪਾਠ ਦੇ ਭੋਗ 11 ਅਕਤੂਬਰ 2025 ਦਿਨ ਸ਼ਨੀਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਸਵੇਰੇ 10 ਵਜੇ ਪਾਏ ਜਾਣਗੇ। ਉਪਰੰਤ ਸਾਮ ਰਹਿਰਾਸ ਸਾਹਿਬ ਦੇ ਜਾਪੁ ਉਪਰੰਤ ਆਰਤੀ ਸਬਦ ਕੀਰਤਨ ਹੋਣਗੇ। ਸਾਮ 8,30 ਤੋਂ 9,30 ਵਜੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਕਥਾ ਅਤੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ ਸਮੂਹ ਸੰਤ ਸਮਾਜ ਮਹਾਪੁਰਖ ਹਾਜਰੀਆ ਭਰਨਗੇ। ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਨੇੜੇ ਛਾਉਣੀ ਸਾਹਿਬ ਮਹਿਤਾ ਚੌਕ ਵਿੱਖੇ ਦਾਸਰਿਆ ਦੇ ਗ੍ਰਹਿ ਵਿੱਖੇ ਦਰਸਨ ਦੇਣ ਦੀ ਕਿਰਪਾਲਤਾ ਕਰਨੀ ਜੀ।





## ਹਰਿਆਣਾ ਦੇ ਏਡੀਜੀਪੀ ਪੂਰਨ ਕੁਮਾਰ ਵੱਲੋ ਕੀਤੀ ਖੁਦਕਸ਼ੀ ਦੀ ਉੱਚ ਪੱਧਰੀ ਜਾਂਚ ਹੋਵੇ, ਦੋਸ਼ੀ ਭਾਵੇ ਕਿੰਨੇ ਵੀ ਉੱਚ ਅਹੁਦੇ ਤੇ ਕਿਉਂ ਹੋਵੇ ਕਾਨੂੰਨ ਅਨੁਸਾਰ ਸਜ਼ਾ ਮਿਲੇ : ਮਾਨ

ਨਵੀਂ ਦਿੱਲੀ, 10 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- "ਇਕ ਆਈ.ਪੀ.ਐਸ ਰੈਂਕ ਦੇ ਹਰਿਆਣੇ ਦੇ ਉੱਚ ਅਫਸਰ ਸ੍ਰੀ ਪੂਰਨ ਕੁਮਾਰ ਵੱਲੋ ਜੋ 2 ਦਿਨ ਪਹਿਲੇ ਖੁਦਕਸੀ ਕੀਤੀ ਗਈ ਹੈ, ਉਸ ਦੁਖਾਂਤ ਵਿਚ ਹਰਿਆਣੇ ਨਾਲ ਸੰਬੰਧਤ ਕਈ ਆਈ.ਏ.ਐਸ ਅਤੇ ਪੁਲਿਸ ਅਫਸਰਾਂ ਦੇ ਨਾਮ ਪ੍ਰਤੱਖ ਰੂਪ ਵਿਚ ਸਾਹਮਣੇ ਆ ਰਹੇ ਹਨ, ਕਿਉਂਕਿ ਕੁਝ ਅਫਸਰਾਨ ਵੱਲੋ ਸ੍ਰੀ ਪੂਰਨ ਕੁਮਾਰ ਨੂੰ ਕੁਝ ਸਮੇ ਤੋ ਗਲਤ ਢੰਗ-ਤਰੀਕਿਆ ਰਾਹੀ ਵੱਡੇ ਪ੍ਰੇਸਾਨ ਅਤੇ ਮਾਨਸਿਕ ਪੀੜ੍ਹਾ ਦਿੱਤੀ ਜਾ ਰਹੀ ਸੀ । ਇਹ ਹੋਰ ਵੀ ਦੁੱਖ ਅਤੇ ਅਫਸੋਸ ਵਾਲੀ ਕਾਰਵਾਈ ਹੈ ਕਿ ਉਨ੍ਹਾਂ ਨੂੰ ਇਕ ਦਲਿਤ ਅਫਸਰ ਹੋਣ ਦੀ ਬਦੌਲਤ ਜਾਤੀਵਾਦ ਅਤੇ ਨਸਲਵਾਦ ਦੀ ਨਫਰਤ ਭਰੀ ਸੋਚ ਅਧੀਨ ਇਹ ਮਾਨਸਿਕ ਤਸੱਦਦ ਢਾਹਿਆ ਜਾ ਰਿਹਾ ਸੀ । ਜਿਸਨੇ ਉਨ੍ਹਾਂ ਨੂੰ ਇਸ ਦੁਖਾਂਤ ਵੱਲ ਧਕੇਲਣ ਲਈ ਮਜਬੂਰ ਕੀਤਾ । ਇਸ ਸੰਬੰਧ ਵਿਚ ਉਨ੍ਹਾਂ ਨੇ ਦੋਸ਼ੀ ਅਫਸਰਾਨ ਵਿਰੁੱਧ ਪਟੀਸਨ ਵੀ ਪਾਈ ਹੋਈ ਸੀ । ਲੇਕਿਨ ਹਕੂਮਤੀ ਅਤੇ ਕਾਨੂੰਨੀ ਪੱਧਰ ਤੇ ਕੋਈ ਅਮਲ ਨਾ ਹੋਣ ਦੀ ਬਦੌਲਤ ਉਨ੍ਹਾਂ ਦੇ ਮਨ-ਆਤਮਾ ਉਤੇ ਇਸ ਘਟਨਾ ਦਾ ਵੱਡਾ ਬੋਝ ਸੀ । ਜਿਸ ਕਾਰਨ ਹਾਲਾਤਾਂ ਨੇ ਉਨ੍ਹਾਂ ਨੂੰ ਖੁਦਕਸੀ ਵੱਲ ਧਕੇਲਿਆ । ਇਸ ਲਈ ਇਹ ਜਰੂਰੀ ਹੈ ਕਿ ਇਕ ਦਲਿਤ ਉੱਚ ਅਫਸਰ ਨਾਲ ਬਹੁਗਿਣਤੀ ਨਾਲ ਸੰਬੰਧਤ ਕੁਝ ਅਫਸਰਾਂ ਵੱਲੋ ਕੀਤੀ ਜਾਂਦੀ ਆ ਰਹੀ ਜਿਆਦਤੀ ਦੀ ਬਦੌਲਤ ਹੋਈ ਖੁਦਕਸੀ ਦੀ ਉੱਚ ਪੱਧਰੀ ਜਾਂਚ ਹੋਵੇ ਅਤੇ ਜੋ ਵੀ ਆਈ.ਏ.ਐਸ ਜਾਂ ਆਈ.ਪੀ.ਐਸ ਅਫਸਰਾਨ ਇਸ ਦੁਖਾਂਤ ਵਿਚ ਸਾਮਿਲ ਹਨ, ਉਨ੍ਹਾਂ ਨੂੰ ਫੌਰੀ ਕਾਨੂੰਨ ਅਨੁਸਾਰ ਬਣਦੀ ਸਜ਼ਾ ਦੇਣ ਦਾ ਪ੍ਰਬੰਧ ਹੋਵੇ ਤਾਂ ਕਿ ਕੋਈ ਵੀ ਅਫਸਰ ਸਮਾਜ ਵਿਚ ਘੱਟ ਗਿਣਤੀ ਕੌਮਾਂ ਤੇ ਬਹੁਗਿਣਤੀ ਕੌਮਾਂ ਵਿਚ ਨਫਰਤ ਪੈਦਾ ਕਰਨ ਅਤੇ ਨਸਲਵਾਦ ਦੀ ਸੋਚ ਨੂੰ ਬੁੜਾਵਾ ਦੇਣ ਦੀ ਗੁਸਤਾਖੀ ਨਾ ਕਰ ਸਕੇ ਅਤੇ ਕਿਸੇ ਵੀ ਇਨਸਾਨ ਨੂੰ ਇਸ ਤਰ੍ਹਾਂ ਆਪਣੀ ਜਿੰਦਗੀ ਤੋ ਹੱਥ ਧੋਣ ਲਈ ਮਜਬੂਰ ਨਾ ਹੋਣਾ ਪਵੇ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਰਿਆਣੇ ਦੇ ਇਕ ਦਲਿਤ ਆਈ.ਪੀ.ਐਸ ਅਫਸਰ ਨਾਲ ਕੁਝ ਗਲਤ ਸੋਚ ਵਾਲੇ ਅਫਸਰਾਂ ਵੱਲੋ ਕੀਤੀ ਜਿਆਦਤੀ ਉਪਰੰਤ ਹੋਈ ਖੁਦਕਸ਼ੀ ਦੀ ਨਿਰਪੱਖਤਾ ਨਾਲ ਜਾਂਚ ਕਰਵਾਉਣ ਅਤੇ ਦੋਸ਼ੀ ਨੂੰ ਫੌਰੀ ਬਣਦੀ ਸਜ਼ਾ ਦਿਵਾਉਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਹਿੰਦੂਤਵ ਸੋਚ ਵਾਲੇ ਆਪਣੇ ਆਪ ਨੂੰ ਆਰੀਅਨ ਅਖਵਾਕੇ ਉੱਚ ਦਰਜੇ ਦੇ ਮੰਨਦੇ ਹਨ ਅਤੇ ਦੂਸਰੀਆ ਕੌਮਾਂ ਨਾਲ ਸੰਬੰਧਤ ਨਿਵਾਸੀਆ ਨੂੰ ਹਰ ਸਮੇ ਨਸਲਵਾਦੀ, ਫਿਰਕੂ ਸੋਚ ਰਾਹੀ ਨਿਸ਼ਾਨਾਂ ਬਣਾਉਣ ਅਤੇ ਨੀਵਾ ਦਿਖਾਉਣ ਦੇ ਸਮਾਜ ਵਿਰੋਧੀ ਦੁੱਖਦਾਇਕ ਅਮਲ ਉਤੇ ਕਰਦੇ ਆ ਰਹੇ ਹਨ ਜਿਵੇ ਨਾਜੀ ਆਰੀਅਨ ਉੱਚ ਦਰਜੇ ਦੇ ਅਖਵਾਕੇ ਦੂਜਿਆ ਨੂੰ ਗੈਰ ਚੈਬਰਾਂ ਵਿਚ ਅਣਮਨੁੱਖੀ ਢੰਗਾਂ ਰਾਹੀ ਤਸੱਦਦ ਕਰਕੇ ਖਤਮ ਕਰ ਦਿੰਦੇ ਸਨ । ਸ. ਮਾਨ ਨੇ ਸ੍ਰੀ ਪੂਰਨ ਕੁਮਾਰ ਦੀ ਹੋਈ ਦੁਖਾਂਤਿਕ ਮੌਤ ਉਤੇ ਉਨ੍ਹਾਂ ਦੀ ਸਪਤਨੀ ਅਮਨੀਤ ਪੂਰਨ ਕੁਮਾਰ ਜੋ ਖੁਦ ਵੀ ਇਕ ਆਈ.ਏ.ਐਸ ਅਫਸਰ ਹਨ ਉਨ੍ਹਾਂ ਨਾਲ ਦੁੱਖ ਦੀ ਘੜੀ ਵਿਚ ਹਮਦਰਦੀ ਪ੍ਰਗਟ ਕਰਦੇ ਹੋਏ ਉਸ ਅਕਾਲ ਪੁਰਖ ਦੇ ਚਰਨਾਂ ਵਿਚ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਵੀ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਇਸ ਹੋਏ ਜ਼ਬਰ ਵਿਰੁੱਧ ਆਪਣੀ ਜਿੰਮੇਵਾਰੀ ਸਮਝਕੇ ਇਨਸਾਫ਼ ਮਿਲਣ ਤੱਕ ਆਵਾਜ ਬੁਲੰਦ ਕਰਦਾ ਰਹੇਗਾ ।



## ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਖ ਵੱਖ ਸੇਵਾਵਾਂ ਨਿਭਾਉਣ ਵਾਲੀਆਂ ਸੰਗਤਾਂ ਦਾ ਐਡਵੋਕੇਟ ਧਾਮੀ ਨੇ ਕੀਤਾ ਧੰਨਵਾਦ

**ਨਵੀਂ ਦਿੱਲੀ, 10 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪ੍ਰਬੰਧਾਂ ਵਿਚ ਸਹਿਯੋਗ ਕਰਨ ਲਈ ਸੇਵਾ ਨਿਭਾਉਣ ਵਾਲੀਆਂ ਸਮੂਹ ਸੰਗਤਾਂ, ਮਹਾਂਪੁਰਖ ਅਤੇ ਸੇਵਾ ਸੁਸਾਇਟੀਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਧੰਨਵਾਦ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਹਨ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਲਈ ਪ੍ਰਬੰਧ ਕਰਨੇ ਇਕ ਵੱਡੀ ਜ਼ੁੰਮੇਵਾਰੀ ਹੁੰਦੀ ਹੈ, ਜੋ ਸੰਗਤ ਦੇ ਸਹਿਯੋਗ ਨਾਲ ਹੀ ਨਿਭਾਈ ਜਾਂਦੀ ਹੈ। ਐਡੋਵਕੇਟ ਧਾਮੀ ਨੇ ਗੁਰਪੁਰਬ ਸਮੇਂ ਵੱਖ ਵੱਖ ਸੇਵਾਵਾਂ ਵਿਚ ਹਿੱਸਾ ਪਾਉਣ ਵਾਲੀਆਂ ਸੰਗਤਾਂ, ਕਾਰਸੇਵਾ ਵਾਲੇ ਮਹਾਂਪੁਰਖ, ਧਾਰਮਿਕ ਸ਼ਖ਼ਸੀਅਤਾਂ, ਸਮੂਹ ਸਭਾ ਸੁਸਾਇਟੀਆਂ, ਗਤਕਾ ਅਖਾੜਿਆਂ, ਲੰਗਰਾਂ ਦੀ ਸੇਵਾ ਨਿਭਾਉਣ ਵਾਲੀ ਸੰਗਤ, ਸ੍ਰੀ ਦਰਬਾਰ ਸਾਹਿਬ ਦੇ ਕੰਪਲੈਕਸ ਸਮੇਤ ਸ਼ਹਿਰ ਵਿਚ ਲਾਈਟਾਂ, ਫੁੱਲਾਂ ਦੀ ਡੈਕੋਰੇਸ਼ਨ ਕਰਨ ਵਾਲੇ, ਰਿਹਾਇਸ਼ ਦੇ ਪ੍ਰਬੰਧ ਕਰਨ ਲਈ ਹੋਟਲ ਐਸੋਸੀਏਸ਼ਨ, ਪ੍ਰਸ਼ਾਸ਼ਨ, ਨਗਰ ਨਿਗਮ, ਲੱਡੂਆਂ ਦੀ ਸੇਵਾ ਕਰਨ ਵਾਲੇ, ਨਗਰ ਕੀਰਤਨ ਸਮੇਂ ਚੱਲਣ ਵਾਲੀਆਂ ਗੱਡੀਆਂ ਦੀ ਸੇਵਾ ਕਰਨ ਲਈ ਲੁਧਿਆਣੇ ਦੀ ਸੰਗਤ, ਜੋੜਾ ਘਰ, ਗੱਠੜੀ ਘਰ ਵਿਖੇ ਸੇਵਾ ਨਿਭਾਉਣ ਵਾਲਿਆਂ, ਲੋਕਲ ਗੁਰਦੁਆਰਾ ਕਮੇਟੀਆਂ, ਨਗਰ ਕੀਰਤਨ ਸਮੇਂ ਸਜਾਵਟੀ ਗੇਟ ਅਤੇ ਲੰਗਰ ਲਗਾਉਣ ਵਾਲੀਆਂ ਕਮੇਟੀਆਂ, ਸ਼ਬਦ ਚੌਂਕੀ ਜਥੇ, ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਦੇ ਨਾਲ ਨਾਲ ਵੱਖ-ਵੱਖ ਸੇਵਾਵਾਂ ਕਰਨ ਵਾਲੀ ਬੰਬੇ, ਚੰਬੇ ਅਤੇ ਸਿੰਘੜੇ ਦੀ ਸੰਗਤ ਸਮੇਤ ਆਤਿਸ਼ਬਾਜ਼ੀ ਦੀ ਸੇਵਾ ਵਾਸਤੇ ਇੰਦੌਰ ਦੀ ਸੰਗਤ ਤੇ ਸ੍ਰੀ ਦਰਬਾਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਸਟਾਫ ਦਾ ਵੀ ਧੰਨਵਾਦ ਕੀਤਾ। ਇਸੇ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਜਿਥੇ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਹੈ, ਉਥੇ ਹੀ ਸੰਗਤਾਂ ਅਤੇ ਸਭਾ- ਸੁਸਾਇਟੀਆਂ ਵੱਲੋਂ ਸੇਵਾਵਾਂ ਵਿਚ ਵੀ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਅੱਗੋਂ ਵੀ ਸੰਗਤਾਂ ਪਾਸੋਂ ਇਸੇ ਤਰ੍ਹਾਂ ਸਹਿਯੋਗ ਦੀ ਆਸ ਪ੍ਰਗਟਾਈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਮੂਹ ਪੰਥਕ ਧਿਰਾਂ ਤਰਨਤਾਰਨ ਜ਼ਿਮਨੀ ਚੋਣ ਤੋਂ ਜੇਲ 'ਚ ਬੰਦ ਭਾਈ ਸੰਦੀਪ ਸਿੰਘ ਦੇ ਭਰਾ

# ਭਾਈ ਮਨਦੀਪ ਸਿੰਘ ਦੀ ਹਮਾਇਤ 'ਚ ਆਉਣ ਸਿੱਖ ਸਟੂਡੈਂਟਸ ਫੈਡਰੇਸ਼ਨ

**ਜੰਡਿਆਲਾ ਗੁਰੂ**, 10 **ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਤਰਨਤਾਰਨ ਜ਼ਿਮਨੀ ਚੋਣ ਦਾ ਬਿੱਗਲ ਵੱਜ ਚੁਕਾ ਹੈ ਅਤੇ ਸਮੂਹ ਪਾਰਟੀਆਂ ਦੇ ਉਮੀਦਵਾਰ ਆਪਣੇ ਆਪਣੇ ਨਾਮਜ਼ਦਗੀ ਕਾਗਜ਼ ਦਾਖਲ ਕਰ ਰਹੇ ਹਨ ਅਤੇ ਅੱਜ ਪੰਥਕ ਧਿਰਾਂ ਵੱਲੋਂ ਸਾਂਝੇ ਉਮੀਦਵਾਰ ਜੇਲ੍ਹ 'ਚ ਬੰਦ ਭਾਈ ਸੰਦੀਪ ਸਿੰਘ ਸਨੀ ਦੇ ਭਰਾ ਭਾਈ ਮਨਦੀਪ ਸਿੰਘ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਦਿੱਤੇ ਹਨ, ਇਸ ਮੌਕੇ ਉਨ੍ਹਾਂ ਨਾਲ ਵਾਰਸ਼ ਪੰਜਾਬ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਤੋਂ ਇਲਾਵਾ ਪੰਥਕ ਹਸਤੀਆਂ ਮੌਜੂਦ ਸਨ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਪੰਥਕ ਉਮੀਦਵਾਰ ਭਾਈ ਮਨਦੀਪ ਭ੍ਰਾਤਾ ਭਾਈ ਸਨਦੀਪ ਸਿੰਘ ਸਨੀ ਦੀ ਤਰਨਤਾਰਨ ਜ਼ਿਮਨੀ ਚੋਣ ਤੋਂ ਪੂਰਨ ਹਮਾਇਤ ਕਰਦੀ ਹੋਈ ਸਮੂਹ ਪੰਥਕ ਧਿਰਾਂ ਨੂੰ ਅਪੀਲ ਕਰਦੀ ਹੈ ਕਿ ਪੰਜਾਬ ਦੀਆਂ ਸਾਰੀਆਂ ਵੱਡੀਆਂ ਪਾਰਟੀਆਂ ਨੂੰ ਹਰਾਉਣ ਲਈ ਜੇਲ੍ਹ 'ਚ ਬੰਦ ਭਾਈ ਸਨਦੀਪ ਸਿੰਘ ਦੇ ਭਰਾ ਭਾਈ ਮਨਦੀਪ ਸਿੰਘ ਦੀ ਹਮਾਇਤ ਕੀਤੀ ਜਾਵੇ ਤਾਂ ਕਿ ਇਹ ਸੀਟ ਭਾਈ ਸਨਦੀਪ ਸਨੀ ਦੇ ਪਰਿਵਾਰ ਨੂੰ ਜਿਤਾ ਕੇ ਨੌਜਵਾਨਾਂ ਨੂੰ ਪੰਥਕ ਕੁਰਬਾਨੀਆਂ ਲਈ ਪ੍ਰੇਰਿਤ ਕੀਤਾ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਤਰਨਤਾਰਨ ਜ਼ਿਮਨੀ ਚੋਣ ਤੋਂ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਭ੍ਰਾਤਾ ਭਾਈ ਸਨਦੀਪ ਸਿੰਘ ਸਨੀ ਦੀ ਪੂਰਨ ਹਮਾਇਤ, ਸਮੂਹ ਪੰਥਕ ਧਿਰਾਂ ਨੂੰ ਭਾਈ ਮਨਦੀਪ ਸਿੰਘ ਦੀ ਹਮਾਇਤ 'ਚ ਆਉਣ ਦੀ ਅਪੀਲ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਜੇਲ੍ਹ 'ਚ ਬੰਦ ਭਾਈ ਸਨਦੀਪ ਸਿੰਘ ਸਨੀ ਸਿੱਖ ਕੌਮ ਲਈ ਸਨਮਾਨਯੋਗ ਹਨ, ਇਸ ਕਰਕੇ ਅਗਰ ਇਹ ਤਰਨਤਾਰਨ ਦੀ ਜ਼ਿਮਨੀ ਵਿਧਾਨ ਸਭਾ ਚੋਣ ਉਹਨਾਂ ਦੇ ਭਰਾਤਾ ਭਾਈ ਮਨਦੀਪ ਸਿੰਘ ਦੀ ਸਾਰੀਆਂ ਪੰਥਕ ਧਿਰਾਂ ਹਮਾਇਤ 'ਚ ਆ ਕੇ ਜਿਤਾ ਦੇਂਦੀਆਂ ਹਨ ਤਾਂ ਨੌਜਵਾਨ ਪੀੜ੍ਹੀ ਨੂੰ ਪੰਥਕ ਕੁਰਬਾਨੀਆਂ ਲਈ ਉਤਸ਼ਾਹਿਤ ਕੀਤਾ ਜਾ ਸਕਦਾ ਹੈ , ਭਾਈ ਖਾਲਸਾ ਨੇ ਤਰਨਤਾਰਨ ਦੇ ਸੂਝਵਾਨ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਲੰਮੇ ਸਮੇਂ ਤੋਂ ਪੰਜਾਬ ਨੂੰ ਲੁੱਟਣ ਵਾਲੀਆਂ ਸਾਰੀਆਂ ਸਰਮਾਏਦਾਰ ਪਾਰਟੀਆਂ ਨੂੰ ਛੱਡ ਕੇ ਪੰਜਾਬ ਅਤੇ ਪੰਥ ਦੇ ਭਲੇ ਲਈ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਭ੍ਰਾਤਾ ਭਾਈ ਸੰਦੀਪ ਸਿੰਘ ਸਨੀ ਨੂੰ ਵੋਟਾਂ ਪਾ ਕੇ ਕਾਮਯਾਬ ਬਨਾਉਣ ਦੀ ਲੋੜ ਤੇ ਜੋਰ ਦੇਣ ,ਜੋ ਸਮੇਂ ਅਤੇ ਲੋਕਾਂ ਦੀ ਮੁੱਖ ਮੰਗ ਹੈ, ਇਸ ਨਾਲ ਨੌਜਵਾਨ ਪੀੜ੍ਹੀ ਨੂੰ ਪੰਥਕ ਕੁਰਬਾਨੀਆਂ ਲਈ ਉਤਸ਼ਾਹਿਤ ਕੀਤਾ ਜਾ ਸਕਦਾ ਅਤੇ ਨੌਜਵਾਨ ਪੀੜ੍ਹੀ ਨੂੰ ਪੰਜਾਬ ਦੀ ਵਾਂਗ ਡੋਰ ਸੰਭਾਲਣ ਦਾ ਸੁਭਾਗ ਪ੍ਰਾਪਤ ਹੋ ਸਕਦਾ ਹੈ, ਭਾਈ ਖਾਲਸਾ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਤੋਂ ਭਾਈ ਮਨਦੀਪ ਸਿੰਘ ਭ੍ਰਾਤਾ ਜੇਲ'ਚ ਬੰਦ ਭਾਈ ਸਨਦੀਪ ਸਿੰਘ ਸਨੀ ਦੀ ਪੂਰਨ ਹਮਾਇਤ ਕਰਦੀ ਹੈ ਉਥੇ ਸਮੂਹ ਪੰਥਕ ਧਿਰਾਂ ਨੂੰ ਭਾਈ ਮਨਦੀਪ ਸਿੰਘ ਭ੍ਰਾਤਾ ਭਾਈ ਸੰਦੀਪ ਸਿੰਘ ਦੀ ਹਮਾਇਤ 'ਚ ਆਉਣ ਦੇ ਨਾਲ ਨਾਲ ਤਰਨਤਾਰਨ ਦੇ ਲੋਕਾਂ ਨੂੰ ਪੰਥ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਭਾਰੀ ਵੋਟਾਂ ਪਾ ਕੇ ਜਿਤਾਉਣ ਦੀ ਮੰਗ ਕਰਦੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## 14ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਤੇਰ੍ਹਵੇਂ ਦਿਨ ਖੇਡਿਆ ਗਿਆ ਬਲਵੰਤ ਗਾਰਗੀ ਨਾਟਕ 'ਮਿਰਜ਼ਾ-ਸਾਹਿਬਾਂ'

# ਪੰਜਾਬੀ ਲੋਕ-ਗਾਥਾ ਦੀ ਦਿਲ ਖਿੱਚਵੀਂ ਪੇਸ਼ਕਾਰੀ ਨੇ ਦਰਸ਼ਕ ਕੀਲੇ







ਬਠਿੰਡਾ, 10 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਬਲਵੰਤ ਗਾਰਗੀ ਆਡੀਟੋਰੀਅਮ ਬਠਿੰਡਾ ਵਿਖੇ ਸੱਭਿਆਚਾਰਕ ਮੰਤਰਾਲਾ ਭਾਰਤ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਅਤੇ ਨਗਰ ਨਿਗਮ ਬਠਿੰਡਾ ਦੇ ਸਹਿਯੋਗ ਨਾਲ਼ ਚੱਲ ਰਹੇ 14ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਤੇਰ੍ਹਵੇਂ ਦਿਨ ਸਿਰਮੌਰ ਨਾਟਕਕਾਰ ਬਲਵੰਤ ਗਾਰਗੀ ਦਾ ਨਾਟਕ 'ਮਿਰਜ਼ਾ-ਸਾਹਿਬਾਂ ਖੇਡਿਆ ਗਿਆ। ਦਸਤਕ ਥੀਏਟਰ ਅੰਮ੍ਰਿਤਸਰ ਦੀ ਟੀਮ ਨੇ ਇਸ ਨਾਟਕ ਨੂੰ ਰਾਜਿੰਦਰ ਸਿੰਘ ਦੇ ਨਿਰਦੇਸ਼ਨ ਹੇਠ ਖੇਡਿਆ। ਨਾਟਕ ਨੂੰ ਨੈਸ਼ਨਲ ਸਕੂਲ ਆਫ਼ ਡਰਾਮਾ ਦੀਆਂ ਨਾਟ-ਜੁਗਤਾਂ ਨਾਲ ਬਹੁਤ ਹੀ ਕਲਾਤਮਕ ਢੰਗ ਨਾਲ ਪੇਸ਼ ਕੀਤਾ ਗਿਆ। ਇਸ ਗਾਥਾ ਦੇ ਦੋ ਅੰਤ ਵਿਖਾਏ ਗਏ। ਇੱਕ ਰਵਾਇਤੀ ਮੁਕਾਅ ਵਿਖਾਇਆ ਗਿਆ ਤੇ ਦੂਸਰੇ ਵਿੱਚ ਸਾਹਿਬਾਂ ਨੂੰ ਨਾਰੀਵਾਦ ਦੇ ਪ੍ਰਤੀਕ ਵਜੋਂ ਦਰਸਾਇਆ ਗਿਆ। ਦਰਸ਼ਕ ਇਸ ਲੋਕ-ਗਾਥਾ ਦੇ ਸੰਸਾਰ ਵਿੱਚ ਪੂਰੀ ਤਰ੍ਹਾਂ ਗੁਆਚ ਗਏ ਅਤੇ ਹਾਲ ਲਗਾਤਾਰ ਤਾੜੀਆਂ ਨਾਲ ਗੂੰਜਦਾ ਰਿਹਾ। ਨਾਟ-ਉਤਸਵ ਦੇ ਤੇਰ੍ਹਵੇਂ ਦਿਨ ਸਤਿਕਾਰਿਤ ਮਹਿਮਾਨਾਂ ਵਜੋਂ ਡਾ. ਰੌਨਿਲ ਕੌਸ਼ਲ ਐਮ.ਡੀ. ਬਠਿੰਡਾ ਨਿਊਰੋਸਪਾਈਨ ਐਂਡ ਟਰੌਮਾ ਸੈਂਟਰ, ਪ੍ਰੋ. ਪਰਮਜੀਤ ਸਿੰਘ ਡੀਨ ਯੁਵਕ ਭਲਾਈ ਵਿਭਾਗ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ, ਡਾ. ਅਮਿਤ ਡੀਨ ਅਕਾਦਮਿਕ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਅਤੇ ਡਾ. ਰਮਨਪ੍ਰੀਤ ਮੁਖੀ ਪੰਜਾਬੀ ਵਿਭਾਗ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਨੇ ਸ਼ਿਰਕਤ ਕੀਤੀ। ਨਾਟਿਅਮ ਪੰਜਾਬ ਦੇ ਪ੍ਰਧਾਨ ਸੁਰਿੰਦਰ ਕੌਰ ਅਤੇ ਈਵੈਂਟ ਕੋਆਰਡੀਨੇਟਰ ਗੁਰਨੂਰ ਸਿੰਘ ਨੇ ਸਾਂਝੇ ਤੌਰ 'ਤੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤੀ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ। ਇਸ ਮੌਕੇ ਬੋਲਦਿਆਂ ਸ਼੍ਰੀ ਰੌਨਿਲ ਕੌਸ਼ਲ ਨੇ ਕਿਹਾ ਕਿ ਉਹ ਹਰ ਤਰ੍ਹਾਂ ਨਾਲ ਡਾਇਰੈਕਟਰ ਕੀਰਤੀ ਕਿਰਪਾਲ ਅਤੇ ਡਾ. ਕਸ਼ਿਸ਼ ਗੁਪਤਾ ਦੀ ਅਗਵਾਈ ਵਾਲੀ ਨਾਟਿਅਮ ਪੰਜਾਬ ਦੀ ਮਿਹਨਤੀ ਅਤੇ ਜੁਝਾਰੂ ਟੀਮ ਨਾਲ ਖੜ੍ਹੇ ਹਨ। ਪ੍ਰੋ. ਪਰਮਜੀਤ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਨ੍ਹਾਂ ਬਹੁਤ ਖੁਸ਼ੀ ਹੈ ਕਿ ਉਨ੍ਹਾਂ ਦੀ ਯੂਨੀਵਰਸਿਟੀ ਦੇ ਵਿਦਿਆਰਥੀ ਨਾਟਿਅਮ ਗਰੁੱਪ ਵਿੱਚ ਰਹਿ ਕਿ ਅਦਾਕਾਰੀ ਦੇ ਨਾਲ-ਨਾਲ ਹੋਰ ਬਹੁਤ ਸਾਰੇ ਗੁਰ ਸਿੱਖ ਰਹੇ ਹਨ ਜੋ ਉਨ੍ਹਾਂ ਨੂੰ ਅਗਲੇਰੀ ਜ਼ਿੰਦਗੀ ਵਿੱਚ ਸਹਾਈ ਹੋਣਗੇ। ਇਸ ਤੋਂ ਬਾਅਦ ਬੋਲਦਿਆਂ ਡਾ. ਅਮਿਤ ਨੇ ਕਿਹਾ ਕਿ ਨਾਮਵਰ ਡਾਇਰੈਕਟਰ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਵੱਲੋਂ ਉਨ੍ਹਾਂ ਦੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਕਲਾ ਦੀਆਂ ਬਰੀਕੀਆਂ ਸਿਖਾਉਣੀਆਂ ਆਪਣੇ ਆਪ ਵਿੱਚ ਵੱਡੀ ਗੱਲ ਹੈ ਅਤੇ ਉਹ ਉਮੀਦ ਕਰਦੇ ਹਨ ਕਿ ਇਹ ਕਾਰਜ ਅੱਗੇ ਵੀ ਜਾਰੀ ਰਹੇਗਾ। ਡਾ. ਰਮਨਪ੍ਰੀਤ ਨੇ ਵੀ ਇਸ ਨਾਟ-ਉਤਸਵ ਦੇ ਵਿਸ਼ਾਲ ਕੈਨਵਸ ਦੀ ਭਰਪੂਰ ਸ਼ਲਾਘਾ ਕੀਤੀ। ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਤੋਂ ਡਾ. ਕੁਮਾਰ ਸੁਸ਼ੀਲ ਨੇ ਉਨ੍ਹਾਂ ਵੱਲੋਂ ਅੰਗਰੇਜ਼ੀ ਵਿੱਚ ਅਨੁਵਾਦਿਤ ਮਿਰਜ਼ਾ-ਸਾਹਿਬਾ ਦੇ ਕਿੱਸੇ ਦੇ ਸਬੰਧ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਅੰਤ ਵਿੱਚ ਟੀਮ ਨਾਟਿਅਮ ਟੀਮ ਡਾਇਰੈਕਟਰ ਕੀਰਤੀ ਕਿਰਪਾਲ ਅਤੇ ਡਾ. ਕਸ਼ਿਸ਼ ਗੁਪਤਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਵੱਲੋਂ ਇਸ ਨਾਟ-ਉਤਸਵ ਵਿੱਚ ਬੀਤੀ 26 ਸਤੰਬਰ ਤੋਂ ਲਗਾਈ ਗਈ ਪੁਸਤਕ ਪ੍ਰਦਰਸ਼ਨੀ ਵਿੱਚ ਵੀ ਦਰਸ਼ਕ ਖੂਬ ਦਿਲਚਸਪੀ ਵਿਖਾ ਰਹੇ ਹਨ ਅਤੇ ਓਪਨ ਮਾਈਕ ਸੈਸ਼ਨ ਵੀ ਸਫਲਤਾਪੂਰਵਕ ਚੱਲ ਰਿਹਾ ਹੈ। ਮੰਚ ਸੰਚਾਲਕ ਦੀ ਭੂਮਿਕਾ ਡਾ. ਸੰਦੀਪ ਸਿੰਘ ਮੋਹਲਾਂ ਅਤੇ ਸ਼੍ਰੀ ਗੁਰਮੀਤ ਧੀਮਾਨ ਨੇ ਸਾਂਝੇ ਰੂਪ 'ਚ ਨਿਭਾਈਆਂ। ਇਸ ਦੌਰਾਨ ਨਾਟਿਅਮ ਸਰਪ੍ਰਸਤ ਸ਼੍ਰੀ ਸੁਦਰਸ਼ਨ ਗਰਗ, ਸ਼੍ਰੀ ਰਜਿੰਦਰਾ ਮਿੱਤਲ ਬੀ.ਸੀ.ਐਲ. ਇੰਡਸਟਰੀਜ਼, ਸ. ਗੁਰਿੰਦਰਪਾਲ ਸਿੰਘ ਬਰਾੜ ਰਜਿਸਟਰਾਰ ਐਮ.ਆਰ.ਐਸ.ਪੀ.ਟੀ.ਯੂ ਬਠਿੰਡਾ, ਸੇਂਟ ਪਾਲਜ਼ ਹਾਈ ਸਕੂਲ ਦੇ ਡਾਇਰੈਕਟਰ ਮੈਡਮ ਲਾਰੈਂਸ, ਪ੍ਰਿੰਸੀਪਲ ਜਸਵਿੰਦਰ ਸੰਧੂ, ਪ੍ਰਿੰਸੀਪਲ ਜਸਪਾਲ ਰੋਮਾਣਾ, ਸ਼੍ਰੀ ਭੁਪਿੰਦਰ ਉਤਰੇਜਾ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਾਜ਼ਿਲਕਾ, ਡਾ. ਚੰਦਰ ਪ੍ਰੋਫੈਸਰ ਡੀ.ਏ.ਵੀ. ਕਾਲਜ ਗਿੱਦੜਬਾਹਾ, ਸਮੂਹ ਅਦਾਕਾਰ ਨਾਟਿਅਮ ਗਰੁੱਪ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਸਾਹਿਤਕ ਹਸਤੀਆਂ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਪੋਲੀਓ ਰੋਕੂ ਬੂੰਦਾਂ ਪੀਣ ਤੋਂ ਕੋਈ ਬੱਚਾ ਨਾ ਰਹੇ ਵਾਂਝਾ- ਡਾ. ਰਵੀ ਕਾਂਤ ਗੁਪਤਾ

## 12 ਤੋਂ ਪਿਲਾਈਆਂ ਜਾਣਗੀਆਂ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ- ਐਸ.ਐਮ.ਓ




ਤਲਵੰਡੀ ਸਾਬੋ, 10 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸਥਾਨਕ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਪੋਲੀਓ ਤੋਂ ਬਚਾਅ ਵਾਲੀਆਂ ਬੂੰਦਾਂ ਪੰਜ ਸਾਲ ਤੱਕ ਦੇ ਹਰ ਬੱਚੇ ਨੂੰ ਪਿਲਾਈਆਂ ਜਾਣ। ਅੱਜ ਇੱਥੇ ਪਲਸ ਪੋਲੀਓ ਮੁਹਿੰਮ ਦੇ ਸੁਪਰਵਾਇਜ਼ਰਾਂ ਦੀ ਮੀਟਿੰਗ ਨੂੰ ਸੰਬੋਧਿਤ ਕਰਦਿਆਂ ਉਨ੍ਹਾਂ ਕਿਹਾ ਕਿ ਸਮੁੱਚੀਆਂ ਟੀਮਾਂ ਨੂੰ ਸਖ਼ਤ ਹਦਾਇਤ ਕੀਤੀ ਜਾਵੇ ਕਿ 12 ਅਕਤੂਬਰ ਤੋਂ 14 ਅਕਤੂਬਰ ਤੱਕ ਚੱਲਣ ਵਾਲੀ ਇਸ ਮੁਹਿੰਮ ਦੌਰਾਨ ਕੋਈ ਲਾਪਰਵਾਹੀ ਸਹਿਣ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਬੇਸ਼ੱਕ ਭਾਰਤ ਵਿੱਚ ਪੋਲੀਓ ਦਾ ਕੋਈ ਕੇਸ ਨਹੀਂ ਹੈ ਪਰ ਗੁਆਂਢੀ ਦੇਸ਼ ਪਾਕਿਸਤਾਨ, ਅਫਗਾਨਿਸਤਾਨ ਆਦਿ ਵਿੱਚ ਅਜਿਹੇ ਕੇਸ ਸਾਹਮਣੇ ਆਉਣ ਕਾਰਨ ਇਹ ਮੁਹਿੰਮ ਵਿਸ਼ੇਸ਼ ਤੌਰ 'ਤੇ ਸਰਹੱਦੀ ਜ਼ਿਲ੍ਹਿਆਂ ਵਿੱਚ ਚਲਾਈ ਜਾ ਰਹੀ ਹੈ। ਇਸ ਮੌਕੇ ਬੋਲਦਿਆਂ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸਿਹਤ ਬਲਾਕ ਤਲਵੰਡੀ ਸਾਬੋ ਵਿੱਚ ਪੰਜ ਸਾਲ ਤੱਕ ਦੀ ਉਮਰ ਦੇ 20751 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਲਈ 111 ਰੈਗੂਲਰ ਬੂਥ ਬਣਾਏ ਜਾਣਗੇ ਜਦਕਿ 4 ਟ੍ਰਾਂਜਿਟ ਬੂਥ ਹੋਣਗੇ ਅਤੇ 2 ਮੋਬਾਇਲ ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 12 ਅਕਤੂਬਰ ਦਿਨ ਐਤਵਾਰ ਨੂੰ ਬੂਥਾਂ 'ਤੇ ਇਹ ਬੂੰਦਾਂ ਪਿਲਾਈਆਂ ਜਾਣਗੀਆਂ ਜਦਕਿ 13 ਅਤੇ 14 ਨੂੰ ਟੀਮਾਂ ਘਰ-ਘਰ ਜਾ ਕੇ ਵਾਂਝੇ ਰਹਿ ਗਏ ਬੱਚਿਆਂ ਨੂੰ ਬੂੰਦਾਂ ਪਿਲਾਉਣਗੀਆਂ। ਪਲਸ ਪੋਲਿਓ ਰਾਉਂਡ ਲਈ ਨਰਸਿੰਗ ਵਿਦਿਆਰਥੀਆਂ ਦੀ ਟ੍ਰੇਨਿੰਗ ਵੀ ਮੁਕੰਮਲ ਕਰ ਦਿੱਤੀ ਗਈ ਹੈ। ਮੁਹਿੰਮ ਦੇ ਨੋਡਲ ਅਫ਼ਸਰ ਡਾ. ਤਜਿੰਦਰਪਾਲ ਕੌਰ ਨੇ ਕਿਹਾ ਅਕਸਰ ਲੋਕ ਮਹਿਸੂਸ ਕਰਦੇ ਹਨ ਕਿ ਬੱਚਾ ਬਿਮਾਰ ਹੋਣ ਕਾਰਨ ਬੂੰਦਾਂ ਨਾ ਪਿਲਾਈਆਂ ਜਾਣ। ਉਨ੍ਹਾਂ ਕਿਹਾ ਕਿ ਬਿਮਾਰੀ ਦੌਰਾਨ ਵੀ ਇਹ ਬੂੰਦਾਂ ਪਿਲਾਈਆਂ ਜਾ ਸਕਦੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਅਮਨਪ੍ਰੀਤ ਸਿੰਘ ਸੇਠੀ, ਡਾ. ਜਸਬੀਰ ਕੌਰ, ਡਾ. ਨਵਪ੍ਰੀਤ ਸਿੰਘ, ਮਪਹਸ ਸ਼ਿੰਦਰਪਾਲ ਕੌਰ, ਭੁਪਿੰਦਰਪਾਲ ਕੌਰ, ਛਿੰਦਰ ਕੌਰ, ਮਪਹਸ ਬੰਤ ਸਿੰਘ, ਕਰਮਜੀਤ ਸਿੰਘ, ਸਿਹਤ ਕਰਮੀ ਜਗਸੀਰ ਸਿੰਘ, ਸ਼ਿਵਚਰਨ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਲਕਾ ਲਹਿਰਾਗਾਗਾ ਵਾਸੀਆਂ ਨੂੰ ਆਉਂਦੇ ਦਿਨਾਂ 'ਚ ਮਿਲੇਗਾ ਬਿਹਤਰੀਨ ਸੜਕੀ ਨੈੱਟਵਰਕ : ਬਰਿੰਦਰ ਕੁਮਾਰ ਗੋਇਲ

## ਕੈਬਨਿਟ ਮੰਤਰੀ ਨੇ ਲਹਿਰਾਗਾਗਾ ਹਲਕੇ ਦੀਆਂ ਕਰੀਬ 05 ਕਰੋੜ 83 ਲੱਖ ਰੁਪਏ ਨਾਲ ਬਣਨ ਵਾਲੀਆਂ 11 ਸੜਕਾਂ ਦੇ ਰੱਖੇ ਨੀਂਹ ਪੱਥਰ



**ਲਹਿਰਾਗਾਗਾ/ ਮੂਨਕ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਬਿਹਤਰੀਨ ਸੜਕੀ ਆਵਾਜਾਈ ਸਹੂਲਤਾਂ ਉਪਲਬਧ ਕਰਵਾਉਣ ਦੇ ਮਕਸਦ ਨਾਲ ਰਾਜ ਭਰ 'ਚ ਜੰਗੀ ਪੱਧਰ 'ਤੇ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਲਹਿਰਾਗਾਗਾ ਹਲਕੇ ਦੀਆਂ ਕਰੀਬ 05 ਕਰੋੜ 83 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ 11 ਸੜਕਾਂ ਦੇ ਨੀਂਹ ਪੱਥਰ ਰੱਖ ਕੇ ਹਲਕਾ ਲਹਿਰਾਗਾਗਾ ਵਾਸੀਆਂ ਨੂੰ ਦੀਵਾਲੀ ਤੋਂ ਪਹਿਲਾ ਵੱਡੀ ਸੌਗਾਤ ਦਿੱਤੀ। ਸ਼੍ਰੀ ਗੋਇਲ ਵੱਲੋਂ ਅੱਜ 76.54 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਖਨੌਰੀ ਕਲਾਂ ਤੋਂ ਖਨੌਰੀ ਖ਼ੁਰਦ (ਲੰਬਾਈ 2.75 ਕਿ. ਮੀ) ਸੜਕ, 45.98 ਲੱਖ ਰੁਪਏ ਨਾਲ ਬਣਨ ਵਾਲੀ ਚੱਠਾ ਗੋਬਿੰਦਪੁਰਾ ਤੋਂ ਪਿੱਪਲ ਥੇਹ (ਲੰਬਾਈ 1.75 ਕਿ. ਮੀ) ਸੜਕ, 44.43 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਬਾਹਮਣੀ ਵਾਲਾ ਤੋਂ ਮਕਰੌੜ ਸਾਹਿਬ ਫੋਕਲ ਪੁਆਇੰਟ (ਲੰਬਾਈ 2.60 ਕਿ. ਮੀ) ਸੜਕ, 58.13 ਲੱਖ ਰੁਪਏ ਨਾਲ ਉਸਾਰੀ ਜਾਣ ਵਾਲੀ ਕਰੌਦਾ ਤੋਂ ਪਿੱਪਲ ਥੇਹ (ਲੰਬਾਈ 2.10 ਕਿ. ਮੀ) ਸੜਕ, 49.71 ਲੱਖ ਰੁਪਏ ਨਾਲ ਬਣਨ ਵਾਲੀ ਮਹਾਂ ਸਿੰਘ ਵਾਲਾ ਤੋਂ ਬਲਿਆਣਾ (ਲੰਬਾਈ 2.70 ਕਿ. ਮੀ) ਸੜਕ, 17.27 ਲੱਖ ਰੁਪਏ ਨਾਲ ਬਣਨ ਵਾਲੀ ਗੁਲਾੜੀ ਤੋਂ ਨਰਾਇਣਗੜ੍ਹ (ਲੰਬਾਈ 1.15 ਕਿ. ਮੀ) ਸੜਕ, 75 ਲੱਖ ਰੁਪਏ ਦੀ ਲਾਗਤ ਨਾਲ ਫੀਰਨੀ ਪਿੰਡ ਗੁਲਾੜੀ (ਲੰਬਾਈ 1 ਕਿ. ਮੀ) ਸੜਕ, 83.18 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਰਾਮਪੁਰਾ ਜਵਾਹਰਵਾਲਾ ਤੋਂ ਲਹਿਲ ਖ਼ੁਰਦ (ਲੰਬਾਈ 4.27 ਕਿ ਮੀ) ਸੜਕ, 37.01 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਚੋਟੀਆਂ ਤੋਂ ਬਖਸ਼ੀਵਾਲਾ (ਲੰਬਾਈ 1.85 ਕਿ ਮੀ) ਸੜਕ, 93.50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਬਖ਼ੋਰਾ ਕਲਾਂ ਤੋਂ ਬਲਰਾਂ (ਲੰਬਾਈ 4.80 ਕਿ ਮੀ) ਸੜਕ ਅਤੇ ਕਰੀਬ 59.41 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਗੋਬਿੰਦਪੁਰਾ ਜਵਾਹਰਵਾਲਾ ਤੋਂ ਲਹਿਲ ਖ਼ੁਰਦ (ਲੰਬਾਈ 3.05 ਕਿ ਮੀ) ਸੜਕ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਸ਼੍ਰੀ ਗੋਇਲ ਨੇ ਕਿਹਾ ਕਿ ਅੱਜ ਕਰੀਬ 05 ਕਰੋੜ 83 ਲੱਖ ਰੁਪਏ ਨਾਲ ਸ਼ੁਰੂ ਕੀਤੇ ਗਏ ਸੜਕਾਂ ਦੇ ਕੰਮ ਰਿਕਾਰਡ ਸਮੇਂ ਵਿੱਚ ਪੂਰੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਸੜਕਾਂ ਦੇ ਨਵੀਨੀਕਰਨ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਅਗਲੇ ਦਿਨਾਂ 'ਚ ਹਲਕਾ ਲਹਿਰਾਗਾਗਾ ਵਾਸੀਆਂ ਨੂੰ ਬਿਹਤਰੀਨ ਸੜਕੀ ਨੈਟਵਰਕ ਦੇਖਣ ਨੂੰ ਮਿਲੇਗਾ। ਉਨ੍ਹਾਂ ਦੱਸਿਆ ਕਿ ਨਵੀਂਆਂ ਬਣਨ ਵਾਲੀਆਂ ਇਨ੍ਹਾਂ ਸੜਕਾਂ ਦੀ ਅਗਲੇ 05 ਸਾਲ ਦੀ ਰਿਪੇਅਰ ਦੀ ਜ਼ਿੰਮੇਵਾਰੀ ਵੀ ਬਣਾਉਣ ਵਾਲੇ ਠੇਕੇਦਾਰ ਨੂੰ ਦਿੱਤੀ ਗਈ ਹੈ, ਜਿਸ ਸਦਕਾ ਲੋਕਾਂ ਨੂੰ ਅਗਲੇ 5 ਸਾਲਾਂ ਤੱਕ ਇਨ੍ਹਾਂ ਸੜਕਾਂ 'ਤੇ ਆਵਾਜਾਈ ਦੀ ਕੋਈ ਸਮੱਸਿਆ ਨਹੀਂ ਆਵੇਗੀ। ਸ਼੍ਰੀ ਗੋਇਲ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵੱਲ ਵਿਸ਼ੇਸ਼ ਤਵਜੋਂ ਦਿੱਤੀ ਜਾ ਰਹੀ ਹੈ ਅਤੇ ਪੰਜਾਬ ਸਰਕਾਰ ਨੇ ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ। ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਅਤੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਾਇਆ ਕਲਪ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਦੀ ਕੋਈ ਸੜਕ ਅਜਿਹੀ ਨਹੀਂ ਰਹਿਣ ਦਿੱਤੀ ਜਾਵੇਗੀ, ਜਿਸ ਦੀ ਕਾਇਆ ਕਲਪ ਨਾ ਹੋਈ ਹੋਵੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਇਕ ਯੋਗ ਲਾਭਪਾਤਰੀ ਨੂੰ ਦਿੱਤਾ ਜਾ ਰਿਹਾ ਹੈ। 300 ਯੂਨਿਟ ਮੁਫ਼ਤ ਬਿਜਲੀ ਦੇਣ ਦੇ ਇਤਿਹਾਸਕ ਫੈਸਲੇ ਨਾਲ ਲੋਕਾਂ ਨੂੰ ਬਹੁਤ ਲਾਭ ਹੋਇਆ ਹੈ। ਵੱਡੀ ਗਿਣਤੀ ਸਰਕਾਰੀ ਸੇਵਾਵਾਂ ਦਾ ਲਾਭ ਹੁਣ ਲੋਕਾਂ ਨੂੰ ਘਰਾਂ ਵਿੱਚ ਬੈਠੇ ਹੀ ਮਿਲ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤਸਰ ਅਤੇ ਬਾਬਾ ਬਕਾਲਾ ਸਾਹਿਬ ਵਿੱਚ ਹੋਣਗੇ ਵੱਡੇ ਸਮਾਗਮ - ਬੈਂਸ

# ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨਾਲ ਵਿਧਾਇਕਾਂ ਤੇ ਜਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਨਗਰ ਕੀਰਤਨ ਦਾ ਹਰ ਪਿੰਡ ਸ਼ਹਿਰ ਚ ਕੀਤਾ ਜਾਵੇਗਾ ਸਵਾਗਤ -ਈਟੀਓ

ਜੰਡਿਆਲਾਗੁਰੂ 10 ਅਕਤੂਬਰ (ਕੁਲਵੰਤ ਸਿੰਘ ਵਿਰਦੀ) ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਯਾਦਗਾਰੀ ਸਮਾਗਮ ਕਰਕੇ ਮਨਾਉਣ ਦਾ ਫੈਸਲਾ ਲਿਆ ਗਿਆ ਹੈ। ਅੱਜ ਇਨ੍ਹਾਂ ਸਮਾਗਮਾਂ ਦੀਆਂ ਤਿਆਰੀਆਂ ਲਈ ਪੰਜਾਬ ਦੇ ਕੈਬਨਿਟ ਮੰਤਰੀ ਸ ਹਰਜੋਤ ਸਿੰਘ ਬੈਂਸ, ਸ. ਹਰਭਜਨ ਸਿੰਘ ਈਟੀਓ, ਸ. ਤਰੁਣਪ੍ਰੀਤ ਸਿੰਘ ਸੌਂਦ ਅਤੇ ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਸ੍ਰੀ ਦੀਪਕ ਬਾਲੀ ਨੇ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾਂ ਦੀ ਰੂਪ-ਰੇਖਾ ਬਾਰੇ ਮਹਾਂਪੁਰਖ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਵਿਧਾਇਕਾਂ ਅਤੇ ਜਿਲਾ ਅਧਿਕਾਰੀਆਂ ਨਾਲ ਮੀਟਿੰਗ ਕੀਤੀ।ਇਸ ਮੌਕੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਕਿਹਾ ਕਿ ਵਾਹਿਗੁਰੂ ਨੇ ਜੋ ਵੀ ਸੇਵਾ ਸਾਨੂੰ ਸੌਂਪੀ ਹੈ ਅਸੀਂ ਉਸ ਨੂੰ ਸੰਗਤ, ਵੱਖ-ਵੱਖ ਮਹਾਂਪੁਰਖਾਂ ਅਤੇ ਸੰਪਰਦਾਵਾਂ ਦੇ ਸਹਿਯੋਗ ਨਾਲ ਨਿਭਾਵਾਂਗੇ। ਸ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਜਿੱਥੇ ਜਿੱਥੇ ਵੀ ਗੁਰੂ ਸਾਹਿਬ ਨੇ ਚਰਨ ਪਾਏ ਹਨ, ਉੱਥੇ ਵਿਸ਼ੇਸ਼ ਸਮਾਗਮ ਪੰਜਾਬ ਸਰਕਾਰ ਵੱਲੋਂ ਕਰਵਾਏ ਜਾਣਗੇ। ਉਹਨਾਂ ਦਾ ਦੱਸਿਆ ਗੁਰੂ ਸਾਹਿਬ ਦੇ ਜਨਮ ਸਥਾਨ ਅੰਮ੍ਰਿਤਸਰ ਅਤੇ ਬਾਬਾ ਬਕਾਲਾ ਸਾਹਿਬ ਜਿੱਥੇ ਕਿ ਗੁਰੂ ਸਾਹਿਬ ਨੇ ਲੰਮਾ ਸਮਾਂ ਭਗਤੀ ਕੀਤੀ, ਵਿਖੇ ਕੀਰਤਨ ਦਰਬਾਰ, ਲਾਈਟ ਐਂਡ ਸਾਊਂਡ ਸ਼ੋਅ ਅਤੇ ਹੋਰ ਸਮਾਗਮ ਕੀਤੇ ਜਾਣਗੇ। ਉਹਨਾਂ ਦੱਸਿਆ ਕਿ 20 ਨਵੰਬਰ ਨੂੰ ਗੁਰਦਾਸਪੁਰ ਤੋਂ ਸ਼ੁਰੂ ਹੋਣ ਵਾਲਾ ਨਗਰ ਕੀਰਤਨ ਰਾਤ ਅੰਮ੍ਰਿਤਸਰ ਵਿੱਚ ਠਹਿਰਾਅ ਕਰੇਗਾ ਅਤੇ ਇੱਥੋਂ ਸਵੇਰੇ ਚੱਲ ਕੇ ਤਰਨਤਾਰਨ ਤੋਂ ਹੁੰਦਾ ਜਲੰਧਰ ਵਿਖੇ ਠਹਿਰੇਗਾ। ਉਹਨਾਂ ਕਿਹਾ ਕਿ ਇਸ ਨਗਰ ਕੀਰਤਨ ਦੀ ਸਮੁੱਚੀ ਜਿੰਮੇਵਾਰੀ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਨਿਭਾਉਣਗੇ ਅਤੇ ਅਸੀਂ ਨਗਰ ਕੀਰਤਨ ਦੇ ਰਸਤਿਆਂ ਦੀ ਸੇਵਾ ਅਤੇ ਸੰਗਤ ਦੇ ਠਹਿਰਾਓ ਦੇ ਪ੍ਰਬੰਧ ਇੱਕ ਸੇਵਾਦਾਰ ਵਜੋਂ ਕਰਾਂਗੇ। ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈਟੀਓ ਨੇ ਵਿਭਾਗ ਦੇ ਅਧਿਕਾਰੀਆਂ ਨੇ ਹਦਾਇਤ ਕੀਤੀ ਕਿ ਉਹ ਨਗਰ ਕੀਰਤਨ ਤੋਂ ਇਲਾਵਾ ਉਹ ਰਸਤੇ ਜਿੰਨਾ ਦੀ ਵਰਤੋਂ ਸੰਗਤ ਵੱਲੋਂ ਕੀਤੀ ਜਾਣੀ ਹੈ, ਦੀ ਮੁਕੰਮਲ ਤਿਆਰੀ ਅਤੇ ਸਾਫ ਸਫਾਈ ਯਕੀਨੀ ਬਣਾਉਣ। ਉਹਨਾਂ ਦੱਸਿਆ ਕਿ ਮਹਿਤਾ ਚੌਂਕ ਤੋਂ ਨਗਰ ਕੀਰਤਨ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪ੍ਰਵੇਸ਼ ਕਰੇਗਾ ਅਤੇ ਇੱਥੋਂ ਬਾਬਾ ਬਕਾਲਾ ਸਾਹਿਬ ਜੰਡਿਆਲਾ ਗੁਰੂ ਹੁੰਦਾ ਹੋਇਆ ਅੰਮ੍ਰਿਤਸਰ ਪਹੁੰਚੇਗਾ ਅਤੇ ਇੱਥੋਂ ਸਵੇਰੇ ਝਬਾਲ ਦੇ ਰਸਤੇ ਤਰਨਤਾਰਨ ਪਹੁੰਚੇਗਾ। ਕੈਬਨਿਟ ਮੰਤਰੀ ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਮਾਗਮਾਂ ਲਈ ਹਰੇਕ ਸੰਸਥਾ, ਪਿੰਡਾਂ ਦੀਆਂ ਪੰਚਾਇਤਾਂ ਅਤੇ ਹੋਰ ਨਾਮ ਲੇਵਾ ਸੰਗਤਾਂ ਨੂੰ ਵਿਸ਼ੇਸ਼ ਤੌਰ ਤੇ ਸਿੱਧਾ ਪੱਤਰ ਭੇਜੇ ਜਾਣਗੇ। ਉਹਨਾਂ ਕਿਹਾ ਕਿ ਜਿਸ ਵੀ ਰਸਤੇ ਵਿੱਚੋਂ ਨਗਰ ਕੀਰਤਨ ਆਵੇਗਾ, ਸ਼ਰਧਾ ਦੇ ਨਾਲ ਜਿੱਥੇ ਸੰਗਤ ਦੀ ਸੇਵਾ ਕੀਤੀ ਜਾਵੇਗੀ ਉੱਥੇ ਗੁਰੂ ਸਾਹਿਬ ਦਾ ਸਵਾਗਤ ਫੁੱਲਾਂ ਨਾਲ ਕੀਤਾ ਜਾਵੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ: ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਸਮਾਗਮ ਲਈ ਹਰੇਕ ਸੰਸਥਾ, ਗੁਰੂਦੁਆਰਾ ਪ੍ਰਬੰਧਕ ਕਮੇਟੀਆਂ, ਦੇਸ਼ ਵਿਦੇਸ਼ ਦੀਆਂ ਮਹਾਨ ਸ਼ਖਸ਼ੀਅਤਾਂ ਨੂੰ ਸੱਦਾ ਪੱਤਰ ਭੇਜੇ ਜਾ ਰਹੇ ਹਨ ਅਤੇ ਦਿੱਲੀ ਗੁਰਦੁਆਰਾ ਸੀਸਗੰਜ ਤੋਂ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਇਸ ਮਗਰੋਂ 17 ਨਵੰਬਰ ਤੋਂ ਨਗਰ ਕੀਰਤਨ ਸ੍ਰੀ ਨਗਰ ਤੋਂ ਆਰੰਭ ਹੋ ਕੇ ਅਨੰਦਪੁਰ ਸਾਹਿਬ ਪਹੁੰਚੇਗਾ ਅਤੇ ਇਸੇ ਹੀ ਤਰ੍ਹਾਂ ਦੋ ਨਗਰ ਕੀਰਤਨ ਮਾਲਵੇ ਦੀ ਧਰਤੀ ਤੋਂ ਤੇ ਇੱਕ ਨਗਰ ਕੀਰਤਨ ਮਾਝੇ ਦੀ ਧਰਤੀ ਤੋਂ ਸ਼ੁਰੂ ਹੋ ਕੇ ਸ੍ਰੀ





ਆਨੰਦਪੁਰ ਸਾਹਿਬ ਪੁੱਜਣਗੇ, ਜਿੱਥੇ ਕਿ ਬਹੁਤ ਵੱਡੇ ਪ੍ਰੋਗਰਾਮ ਉਲੀਕੇ ਗਏ ਹਨ। ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਧਾਰਮਿਕ ਸਮਾਗਮਾਂ ਬਾਰੇ ਬੋਲਦੇ ਸ ਸੌਂਦ ਨੇ ਦੱਸਿਆ ਕਿ ਵਿਰਾਸਤ -ਏ -ਖਾਲਸਾ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਸ਼ਾਨੀ ਸ਼ਹਾਦਤ ਨੂੰ ਦਰਸਾਉਂਦੀ ਡਿਜੀਟਲ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਜਾਵੇਗਾ। ਇਨਸਾਨੀਅਤ ਅਤੇ ਮਨੁੱਖੀ ਅਧਿਕਾਰਾਂ ਦੇ ਰਾਖੇ ਨੌਵੇਂ ਪਾਤਸ਼ਾਹ ਦੇ ਸ਼ਹੀਦੀ ਸਮਾਗਮਾਂ ਮੌਕੇ ਸਰਵ ਧਰਮ ਸੰਮੇਲਨ ਕਰਵਾਏ ਜਾਣਗੇ, ਜਿਸ ਵਿੱਚ ਸਿੱਖ ਇਤਿਹਾਸ ਬਾਰੇ ਜਾਣਕਾਰੀ ਰੱਖਣ ਵਾਲੇ ਬੁੱਧੀਜੀਵੀ ਵਿਚਾਰ ਚਰਚਾ ਕਰਨਗੇ। ਉਨ੍ਹਾਂ ਨੇ ਦੱਸਿਆ ਕਿ 24 ਨਵੰਬਰ ਨੂੰ ਇੱਕ ਵਿਧਾਨ ਸਭਾ ਦਾ ਵਿਸੇਸ਼ ਸੈਸ਼ਨ ਬੁਲਾਇਆ ਜਾਵੇਗਾ। ਕੈਬਿਨਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਨਿਹੰਗ ਸਿੰਘਾਂ ਵੱਲੋਂ ਮੁਹੱਲਾ ਖਾਲਸਾ ਪ੍ਰਦਰਸ਼ਨੀ ਕੀਤੀ ਜਾਵੇਗੀ। ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਨਾਲ ਸਬੰਧਿਤ ਕਵੀ ਦਰਬਾਰ, ਢਾਡੀ, ਕਵੀਸ਼ਰੀ ਪ੍ਰੋਗਰਾਮ ਆਯੋਜਿਤ ਹੋਣਗੇ। ਇਸੇ ਦਿਨ ਪੰਜ ਪਿਆਰਾ ਪਾਰਕ ਵਿਚ "ਲਾਈਟ ਐਂਡ ਸਾਊਡ ਤੇ ਡਰੋਨ ਸ਼ੋਅ" ਰੋਸ਼ਨੀ ਅਤੇ ਅਵਾਜ ਦੇ ਪ੍ਰੋਗਰਾਮ ਕਰਵਾਏ ਜਾਣਗੇ। ਇਹ ਸ਼ੋ ਪੰਜਾਬ ਦੇ ਹਰੇਕ ਜਿਲ੍ਹੇ ਵਿੱਚ ਕਰਵਾਇਆ ਜਾਵੇਗਾ। ਕੈਬਨਿਟ ਮੰਤਰੀ ਸ.ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ 25 ਨਵੰਬਰ ਨੂੰ ਸ਼ਾਮ 7 ਵਜੇ ਮਿਸ਼ਾਲ ਏ ਸ਼ਹਾਦਤ ਦੀ ਰੋਸ਼ਨੀ ਵਿੱਚ ਸੂਬੇ ਭਰ ਦੀਆਂ ਸਰਕਾਰੀ ਇਮਾਰਤਾਂ ਨੂੰ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਕਰਦੇ ਹੋਏ ਰੁਸ਼ਨਾਇਆ ਜਾਵੇਗਾ, ਇਸ ਦੇ ਲਈ ਸਮੁੱਚੀ ਸੰਗਤ ਨੂੰ ਵੀ ਬੇਨਤੀ ਕੀਤੀ ਜਾਵੇਗੀ। ਇਸ ਮੌਕੇ ਸ੍ਰੀ ਦੀਪਕ ਬਾਲੀ ਨੇ ਸਾਰੇ ਅਧਿਕਾਰੀਆਂ ਨੂੰ ਇਸ ਪ੍ਰੋਗਰਾਮ ਲਈ ਇੱਕ ਸੇਵਾਦਾਰ ਵਜੋਂ ਕੰਮ ਕਰਨ ਦਾ ਸੱਦਾ ਦਿੰਦੇ ਕਿਹਾ ਕਿ ਗੁਰੂ ਸਾਹਿਬ ਦੀ ਲਸਾਨੀ ਸ਼ਹਾਦਤ ਨੂੰ ਨੌਜਵਾਨ ਪੀੜੀ ਤੱਕ ਪਹੁੰਚਾਉਣ ਲਈ ਇਹਨਾਂ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਈਏ। ਇਸ ਮੌਕੇ ਮੰਤਰੀ ਸਾਹਿਬਾਨ ਨੇ ਸਮਾਗਮ ਲਈ ਤਿਆਰ ਕੀਤਾ ਗਿਆ ਲੋਗੋ ਵੀ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਅਤੇ ਜਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ। ਉਨ੍ਹਾਂ ਦੇ ਨਾਲ ਸੈਰ ਸਪਾਟਾ ਵਿਭਾਗ ਦੇ ਡਾਇਰੈਕਟਰ ਸ੍ਰੀ ਸੰਜੀਵ ਤਿਵਾੜੀ ਵੀ ਮੌਜੂਦ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਜਿਲ੍ਹੇ ਵਿੱਚ ਕਰਵਾਇਆ ਜਾਣ ਵਾਲੇ ਪ੍ਰੋਗਰਾਮਾਂ ਦੀ ਰੂਪ ਰੇਖਾ ਮੰਤਰੀ ਸਾਹਿਬਾਨ ਨਾਲ ਸਾਂਝੀ ਕੀਤੀ। ਹੋਰਨਾਂ ਤੋਂ ਇਲਾਵਾ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਸ੍ਰੀ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਮੇਅਰ ਸ ਜਤਿੰਦਰ ਸਿੰਘ ਮੋਤੀ ਭਾਟੀਆ, ਵਿਧਾਇਕ ਸ ਜਸਵਿੰਦਰ ਸਿੰਘ ਰਮਦਾਸ, ਪੁਲਿਸ ਕਮਿਸ਼ਨਰ ਸ ਗੁਰਪ੍ਰੀਤ ਸਿੰਘ ਭੁੱਲਰ, ਜ਼ਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਨਦੀਪ ਕੌਰ ਅਤੇ ਸ਼੍ਰੀਮਤੀ ਪਰਮਜੀਤ ਕੌਰ, ਪਾਰਟੀ ਆਗੂ ਸ੍ਰੀ ਜਸਕਰਨ ਸਿੰਘ ਬਦੇਸ਼ਾ, ਸ੍ਰੀ ਪ੍ਰਭਬੀਰ ਸਿੰਘ ਬਰਾੜ, ਗੁਰਪ੍ਰਤਾਪ ਸਿੰਘ ਸੰਧੂ ਅਤੇ ਹੋਰ ਸ਼ਖਸ਼ੀਅਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਗੱਦੀ ਤੇ ਮਾਤਾ ਪ੍ਰਕਾਸ਼ ਕੌਰ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ

# ਯੂ ਪੀ 'ਚ ਲੋੜਵੰਦ ਬੇਟੀਆਂ ਦੇ ਅਨੰਦ ਕਾਰਜ ਕਰਵਾਏ ਜਾਣਗੇ-ਬਾਬਾ ਸੁਖਵਿੰਦਰ ਸਿੰਘ





**ਜੰਡਿਆਲਾ ਗੁਰੂ, 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਅਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਸੰਧੂ ਜੀ ਦੀ 21 ਤੋਂ 26 ਨਵੰਬਰ ਤੱਕ ਆ ਰਹੀ ਛੇ ਰੋਜਾ ਸਲਾਨਾ ਬਰਸੀ ਸਮਾਗਮਾਂ ਨੂੰ ਸਮਰਪਿਤ ਗੁਰਦੁਆਰਾ ਸਿਘਾਂ ਸਹੀਦਾ ਡੇਰਾ ਸੰਤ ਬਾਬਾ ਜਰਨੈਲ ਸਿੰਘ ਜੀ ਪੁਰਾਣੀ ਚੱਕੀ ਨੇਪਾਲ ਬਾਰਡਰ ਬੰਬ ਨਗਰ ਯੂ ਪੀ ਵਿਖੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਦੇ ਪ੍ਰਬੰਧਕਾਂ ਵੱਲੋਂ ਹਰ ਸਾਲ ਗਰੀਬ ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਜਾਂਦੇ ਹਨ ਅਤੇ ਉਨ੍ਹਾਂ ਨੂੰ ਘਰੇਲੂ ਸਾਮਾਨ ਤੇ ਹੋਰ ਕੀਮਤੀ ਸਾਮਾਨ ਦੇਣ ਦੀ ਇੱਕ ਧਾਰਮਿਕ ਮਰਯਾਦਾ ਚਲਾਈ ਹੋਈ ਹੈ ਅਤੇ ਇਸੇ ਮਰਯਾਦਾ ਤੇ ਪਹਿਰਾ ਦੇਂਦਿਆਂ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਮਹਾਂਪੁਰਸ਼ ਬਾਬਾ ਸੁਖਵਿੰਦਰ ਸਿੰਘ ਜੀ ਆਪਣੇ ਜਥੇ ਸਮੇਤ ਪੰਜਾਬ ਤੋਂ ਯੂ ਪੀ ਪਹੁੰਚ ਗਏ ਹਨ ਅਤੇ 30 ਅਕਤੂਬਰ ਨੂੰ ਸਮੂਹ ਸੰਗਤ ਦੇ ਸਹਿਯੋਗ ਨਾਲ ਲੋੜਵੰਦ ਗਰੀਬ ਪਰਿਵਾਰਾਂ ਦੇ ਜੋੜਿਆਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ ਜਾਣਗੇ ਅਤੇ ਇਸ ਸਬੰਧੀ ਬਾਬਾ ਜੀ ਵੱਲੋਂ ਲੜਕੀਆਂ ਨੂੰ ਵਿਆਹ ਵਾਲੇ ਜੌੜੇ ਜਾਮੇਂ, ਵਰੀ ਦੇ ਸੂਟ ਤੇ ਹੋਰ ਲੋੜੀਂਦਾ ਸਮਾਨ ਭੇਂਟ ਕੀਤਾ ਗਿਆ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਗੁਰਦੁਆਰਾ ਸਿੰਘਾ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਨੰਗਲਬੇਟ ਨੇੜੇ ਆਲੋਵਾਲ ਫਿਲੌਰ ਦੇ ਮੁੱਖ ਪ੍ਰਬੰਧਕ ਅਤੇ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਯੂ ਪੀ ਵਿਖੇ ਗਰੀਬ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੇ ਅਨੰਦਕਾਰਜ ਕਰਵਾਉਣ ਵਾਲੇ ਧਰਮੀ ਕਾਰਜ ਦੀ ਜ਼ੋਰਦਾਰ ਸ਼ਬਦਾਂ ਵਿਚ ਸ਼ਲਾਘਾ ਕਰਦੀ ਸਮੂਹ ਧਾਰਮਿਕ ਅਸਥਾਨਾਂ ਦੇ ਪ੍ਰਬੰਧਕਾਂ ਨੂੰ ਅਪੀਲ ਕਰਦੀ ਹੈ ਕਿ ਸਮੇਂ ਅਤੇ ਲੋਕਾਂ ਦੀ ਮੰਗ ਅਨੁਸਾਰ ਗਰੀਬ ਲੜਕੀਆਂ ਦੇ ਅਨੰਦ ਕਾਰਜ ਕਰਵਾ ਗਰੀਬ ਦਾ ਮੂੰਹ ਮੇਰੀ ਗੋਲਕ ਹੈ ਵਾਲੇ ਗੁਰ ਉਪਦੇਸ਼ ਨੂੰ ਅਮਲੀ ਜਾਮਾ ਪਹਿਨਾਉਣ ਦੀ ਲੋੜ ਤੇ ਜੋਰ ਦਿੱਤਾ ਜਾਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਨੰਗਲਬੇਟ ਫਿਲੌਰ ਦੇ ਮੁੱਖ ਪ੍ਰਬੰਧਕ ਅਤੇ ਭਾਰਤੀਆਂ ਕਿਸਾਨ ਮਜ਼ਦੂਰ ਯੂਨੀਅਨ ਦੇ ਕੇਂਦਰੀ ਕਮੇਟੀ ਮੈਂਬਰ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਯੂ ਪੀ ਵਿਖੇ ਗਰੀਬ ਪਰਿਵਾਰਾਂ ਦੇ ਲੋੜਵੰਦ ਬੱਚਿਆਂ ਦੇ ਵਿਆਹ ਕਰਨ ਦੇ ਨਾਲ ਨਾਲ ਉਨ੍ਹਾਂ ਘਰੇਲੂ ਸਮਾਨ ਦੇਣ ਵਰਗੇ ਧਰਮੀਂ ਕਾਰਜ਼ ਦੀ ਸ਼ਲਾਘਾ ਅਤੇ ਸਮੂਹ ਧਾਰਮਿਕ ਅਸਥਾਨਾਂ ਦੇ ਪ੍ਰਬੰਧਕਾਂ ਨੂੰ ਅਜਿਹੇ ਧਾਰਮਿਕ ਕਾਰਜ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਸੰਤ ਮਹਾਂਪੁਰਸ਼ ਬਾਬਾ ਜਰਨੈਲ ਸਿੰਘ ਜੀ ਅਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਜੀ ਦੀ ਪ੍ਰੇਰਨਾ ਸਦਕਾ ਉਹਨਾਂ ਦੇ ਧਰਮੀ ਸਪੂਤ ਅਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਫਿਲੌਰ ਦੇ ਮੁਖੀ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਜਿਥੇ ਗੁਰੂ ਸਾਹਿਬਾਨਾਂ ਨਾਲ ਸਬੰਧਤ ਸਾਰੇ ਗੁਰਪੁਰਬ ਮਨਾਉਣ ਦੇ ਨਾਲ ਨਾਲ ਹਰ ਐਤਵਾਰ ਤੇ ਦੇਸੀ ਮਹੀਨੇ ਦੇ ਜੇਠੇ ਐਤਵਾਰ ਨੂੰ ਅਖੰਡ ਪਾਠਾਂ ਦੇ ਭੋਗ ਪਾਉਣ ਤੋਂ ਉਪਰੰਤ ਸੰਗਤਾਂ ਨੂੰ ਗੁਰਬਾਣੀ,ਆਦਿ ਗੁਰੂ ਗ੍ਰੰਥ ਸਾਹਿਬ ਸਾਹਿਬ ਜੀ ਅਤੇ ਸਿੱਖੀ ਦੇ ਸੁਨਹਿਰੇ ਵਿਰਸੇ ਇਤਿਹਾਸ ਨਾਲ ਜੋੜਨ ਵੱਡੀ ਪੱਧਰ ਤੇ ਉਪਰਾਲੇ ਕੀਤੇ ਜਾਂਦੇ ਹਨ ਉਥੇ ਮਾਤਾ ਪ੍ਰਕਾਸ਼ ਕੌਰ ਜੀ ਦੀ ਸਲਾਨਾ ਬਰਸੀ ਵੱਡਾ ਸਮਾਗਮ ਕਰਵਾਇਆ ਜਾਂਦਾ ਹੈ ਜਿਸ ਵਿਚ ਲੜਕੀਆਂ ਦੇ ਸਮੂਹਿਕ ਅਨੰਦ ਕਾਰਜ,ਹਾਥੀ ਘੋੜਿਆਂ ਨਾਲ ਨਗਰ ਕੀਰਤਨ,ਫਰੀ ਮੈਡੀਕਲ ਕੈਂਪ,ਵੱਡਾ ਧਾਰਮਿਕ ਦੀਵਾਨ, ਪੇਂਡੂ ਖੇਡਾਂ ਆਦਿ ਕਰਵਾਏ ਜਾਂਦੇ ਹਨ, ਭਾਈ ਖਾਲਸਾ ਨੇ ਦੱਸਿਆ ਇਸੇ ਪਰਉਪਕਾਰੀ ਕਾਰਜ ਨੂੰ ਮੁੱਖ ਰੱਖਦਿਆਂ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਗੱਦੀ ਦਿਵਸ ਅਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ ਯੂ ਪੀ ਵਿਖੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਗਰੀਬ ਪਰਿਵਾਰਾਂ ਦੇ ਲੋੜਵੰਦ ਜੋੜਿਆ ਦੇ ਵਿਆਹ ਕਰਵਾਕੇ ਉਹਨਾਂ ਨੂੰ ਘਰੇਲੂ ਸਾਮਾਨ ਦੇਣਾ ਬਹੁਤ ਹੀ ਸ਼ਲਾਘਾਯੋਗ ਧਰਮੀਂ ਕਾਰਜ਼ ਹੈ, ਇਸ ਮੌਕੇ ਸੰਤ ਸੁਖਵਿੰਦਰ ਸਿੰਘ ਜੀ ਨਾਲ ਇਲਾਕੇ ਦੇ ਮੁੱਖ ਆਗੂ ਸੇਵਾਦਾਰ ਭਾਈ ਬਲਬੀਰ ਵੀਰੂ,ਜਸਕਰਨ ਸਿੰਘ, ਬਾਬਾ ਦਾਰਾ ਸਿੰਘ, ਭਾਈ ਗੁਰਮੇਲ ਸਿੰਘ, ਭਾਈ ਰਵਿੰਦਰ ਸਿੰਘ ਤੇ ਭਾਈ ਰਿੰਕੂ ਤੋਂ ਇਲਾਵਾ ਸੈਂਕੜੇ ਸਥਾਨਕ ਸੰਗਤਾਂ ਹਾਜ਼ਰ ਸਨ, ਇਸ ਮੌਕੇ ਤੇ ਤਰ੍ਹਾਂ ਤਰ੍ਹਾਂ ਮਠਿਆਈਆਂ ਤੇ ਹੋਰ ਪਦਾਰਥਾਂ ਨੂੰ ਲੰਗਰ ਦੀ ਪੰਗਤ ਵਿੱਚ ਛਕਾਇਆ ਗਿਆ , ਬਾਬਾ ਜੀ ਨੇ ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਉਹਨਾਂ ਨੂੰ 21 ਤੋਂ 26 ਨਵੰਬਰ ਤੱਕ ਚੱਲਣ ਵਾਲੇ ਮਾਤਾ ਪ੍ਰਕਾਸ਼ ਕੌਰ ਜੀ ਛੇ ਰੋਜਾ ਸਲਾਨਾ ਸਮਾਗਮ ਵਿੱਚ ਫਿਲੌਰ ਪੰਜਾਬ ਵਿਖੇ ਪਹੁੰਚਣ ਦਾ ਸੱਦਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਝੋਨੇ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾ ਰਹੀ ਦਿੱਕਤ: ਰਾਹੁਲ ਚਾਬਾ

### ☛ ਅਧਿਕਾਰੀਆਂ ਨੂੰ ਝੋਨੇ ਦੀ ਲਿਫਟਿੰਗ ਤੇਜ਼ ਕਰਨ ਦੀਆਂ ਹਦਾਇਤਾਂ ☛ ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਅਪੀਲ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਖ਼ਰੀਦ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀਡਿਓ ਕਾਨਫਰੰਸ ਰਾਹੀਂ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਵੱਲੋਂ ਸੱਦੀ ਮੀਟਿੰਗ ਵਿੱਚ ਸ਼ਾਮਲ ਹੋਣ ਉਪਰੰਤ ਕੀਤਾ। ਸ਼੍ਰੀ ਚਾਬਾ ਨੇ ਦੱਸਿਆ ਕਿ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਝੋਨੇ ਦੀ ਨਿਰਵਿਘਨ ਖਰੀਦ ਯਕੀਨੀ ਬਣਾਉਣ ਲਈ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ। ਖਾਸ ਕਰ ਕੇ ਖਰੀਦੀ ਫਸਲ ਦੀ ਲਿਫਟਿੰਗ ਨਾਲੋ ਨਾਲ ਕੀਤੀ ਜਾਣੀ ਯਕੀਨੀ ਬਣਾਈ ਜਾਵੇ। ਉਹਨਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਨਿਰਵਿਘਨ ਖਰੀਦ ਯਕੀਨੀ ਬਣਾਏ ਜਾਣ ਲਈ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਕਿਹਾ ਗਿਆ ਹੈ ਕਿ ਫ਼ਸਲ ਤੈਅ ਸਮੇਂ ਵਿੱਚ ਖਰੀਦੀ ਜਾਵੇ ਤੇ ਨਾਲ-ਨਾਲ ਫ਼ਸਲ ਦੀ ਅਦਾਇਗੀ ਹੁੰਦੀ ਰਹੇ। ਉਹਨਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਣਗਿਹਲੀ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਵੱਖ-ਵੱਖ ਅਧਿਕਾਰੀਆਂ ਤੋਂ ਵੱਖ-ਵੱਖ ਮੰਡੀਆਂ ਦੀ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ ਗਈ ਤੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਬਿਜਲੀ ਤੇ ਬੈਠਣ ਲਈ ਛਾਂਦਾਰ ਜਗ੍ਹਾ ਦੇ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਝੋਨੇ ਵਿੱਚ ਨਮੀ 17 ਫ਼ੀਸਦ ਤੋਂ ਵਧੇਰੇ ਹੋਣ ਦੀ ਸੂਰਤ ਵਿੱਚ ਖਰੀਦ ਏਜੰਸੀਆਂ ਖਰੀਦ ਕਰਨ ਵਿੱਚ ਅਸਮਰੱਥ ਹੁੰਦੀਆਂ ਹਨ ਅਤੇ ਮੰਡੀਆਂ ਵਿੱਚ ਅਜਿਹੇ ਨਮੀ ਵਾਲੇ ਝੋਨੇ ਦੇ ਭੰਡਾਰ ਲੱਗ ਜਾਂਦੇ ਹਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ ਬਹੁਤ ਗੰਭੀਰ ਹੈ। ਅੱਗ ਲਗਾਉਣ ਨਾਲ ਜਿਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਉਥੇ ਹੀ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ ਤੇ ਅੱਗ ਲਗਾਉਣ ਨਾਲ ਪੈਦਾ ਹੁੰਦੇ ਧੂੰਏ ਕਾਰਨ ਕਈ ਦੁਰਘਟਨਾਵਾਂ ਹੋਣ ਦਾ ਡਰ ਵੀ ਬਣਿਆ ਰਹਿੰਦਾ ਹੈ। ਸਰਕਾਰ ਵੱਲੋਂ ਫਸਲਾਂ ਦੀ ਰਹਿੰਦ ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਸਬਸਿਡੀ 'ਤੇ ਖੇਤੀ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ, ਜਿਨ੍ਹਾਂ ਦੀ ਵਰਤੋਂ ਕਰ ਕੇ ਕਿਸਾਨ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰ ਸਕਦੇ ਹਨ। ਇਸ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਦਿੱਤੀ ਗਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਤਾਂ ਜੋ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਦਾ ਖਾਤਮਾ ਕੀਤਾ ਜਾ ਸਕੇ। ਸ਼੍ਰੀ ਚਾਬਾ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸੰਗਰੂਰ ਵਿੱਚ ਸ਼ਾਮ 06:00 ਵਜੇ ਤੋਂ ਅਗਲੇ ਦਿਨ ਸਵੇਰੇ 10:00 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਪਾਬੰਦੀ ਵੀ ਲਗਾਈ ਹੈ। ਇਸ ਸਬੰਧੀ ਉਲੰਘਣਾ ਕਰਨ 'ਤੇ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਬੈਂਬੀ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV




### ਜ਼ਿਲ੍ਹਾ ਵਾਸੀ ਆਪਣੇ ਘਰਾਂ ਵਿੱਚ ਅਤੇ ਆਲ਼ੇ-ਦੁਆਲੇ ਸਾਫ ਸਫਾਈ ਦਾ ਖ਼ਾਸ ਖ਼ਿਆਲ ਰੱਖਣ ਅਤੇ ਫਰਿੱਜਾਂ ਦੀਆਂ ਟਰੇਆਂ ਖਾਲੀ ਕਰਨ ਵੱਲ ਉਚੇਚਾ ਧਿਆਨ ਦੇਣ

# ਡਿਪਟੀ ਕਮਿਸ਼ਨਰ ਵੱਲੋਂ ਵੈਕਟਰ ਬੌਰਨ ਬਿਮਾਰੀਆਂ ਤੋਂ ਬਚਾਅ ਲਈ ਵੱਧ ਤੋਂ ਵੱਧ ਫੌਗਿੰਗ ਤੇ ਪਾਣੀ ਦੀ ਸੈਂਪਲਿੰਗ ਕਰਨ ਦੀਆਂ ਹਦਾਇਤਾਂ

**ਸੰਗਰੂਰ (ਰਣਜੀਤ ਸਿੰਘ ਪੇਧਨੀ)** -ਵੈਕਟਰ ਬੌਰਨ ਬਿਮਾਰੀਆਂ ਤੋਂ ਬਚਾਅ ਲਈ ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ, ਓਥੇ ਇਸ ਬਾਬਤ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ। ਇਸ ਲਈ ਜ਼ਿਲ੍ਹਾ ਵਾਸੀ ਆਪਣੇ ਘਰਾਂ ਵਿੱਚ ਅਤੇ ਆਲ਼ੇ-ਦੁਆਲੇ ਸਾਫ ਸਫਾਈ ਦਾ ਖ਼ਾਸ ਖ਼ਿਆਲ ਰੱਖਣ ਅਤੇ ਫਰਿੱਜਾਂ ਦੀਆਂ ਟਰੇਆਂ ਖਾਲੀ ਕਰਨ ਵੱਲ ਉਚੇਚਾ ਧਿਆਨ ਦੇਣ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਗੱਲ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੈਕਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਲਈ ਰੱਖੀ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਸ਼ਹਿਰਾਂ ਤੇ ਕਸਬਿਆਂ ਵਿੱਚ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪਿੰਡਾਂ ਵਿੱਚ ਦਵਾਈਆਂ ਦਾ ਛਿੜਕਾਅ ਅਤੇ ਫੌਗਿੰਗ ਜਾਰੀ ਰੱਖਣ। ਜੇਕਰ ਕਿਸੇ ਇਲਾਕੇ ਵਿੱਚ ਵੈਕਟਰ ਬੌਰਨ ਬਿਮਾਰੀਆਂ ਦੇ ਮਾਮਲੇ ਜ਼ਿਆਦਾ ਸਾਹਮਣੇ ਆਉਂਦੇ ਹਨ ਤਾਂ ਉਸ ਇਲਾਕੇ ਨੂੰ ਤਵੱਜੋ ਦਿੱਤੀ ਜਾਵੇ। ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਸਬੰਧੀ ਪ੍ਰਬੰਧਾਂ ਨੂੰ ਜ਼ਮੀਨੀ ਪੱਧਰ 'ਤੇ ਸੁਚਾਰੂ ਰੱਖਣ ਸਬੰਧੀ ਜੇਕਰ ਕਿਸੇ ਅਧਿਕਾਰੀ ਜਾਂ ਮੁਲਾਜ਼ਮ ਵੱਲੋਂ ਕੋਈ ਅਣਗਿਹਲੀ ਕੀਤੀ ਜਾਂਦੀ ਹੈ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਸ਼੍ਰੀ ਚਾਬਾ ਨੇ ਇਹ ਵੀ ਹਦਾਇਤ ਕੀਤੀ ਕਿ ਵੈਕਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਲਈ ਪਾਣੀ ਦੇ ਸੈਂਪਲਾਂ ਦੀ ਲਗਾਤਾਰ ਟੈਸਟਿੰਗ ਕੀਤੀ ਜਾਵੇ ਤੇ ਪਾਣੀ ਦੀ ਕਲੋਰੀਨੇਸ਼ਨ ਵੀ ਯਕੀਨੀ ਬਣਾਈ ਜਾਵੇ।

ਸ਼੍ਰੀ ਚਾਬਾ ਨੇ ਸਿਹਤ ਵਿਭਾਗ, ਸਥਾਨਕ ਸਰਕਾਰ ਵਿਭਾਗ, ਪੰਚਾਇਤ ਤੇ ਪੇਂਡੂ ਵਿਕਾਸ ਅਤੇ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਆਪਸ ਵਿੱਚ ਤਾਲਮੇਲ ਕਰ ਕੇ ਕੰਮ ਕਰਨ ਦੀਆਂ



ਹਦਾਇਤਾਂ ਦਿੱਤੀਆਂ। ਪੰਜਾਬ ਸਰਕਾਰ ਦੀ ਮੁਹਿੰਮ "ਹਰ ਸ਼ੁਕਰਵਰ ਡੇਂਗੂ 'ਤੇ ਵਾਰ" ਮੁਹਿੰਮ ਨੂੰ ਵਿਆਪਕ ਪੱਧਰ ਉੱਤੇ ਜਾਰੀ ਰੱਖਿਆ ਜਾਵੇ। ਇਸ ਦੇ ਨਾਲ-ਨਾਲ ਆਸ਼ਾ ਵਰਕਰਾਂ ਨੂੰ ਵੀ ਇਸ ਮੁਹਿੰਮ ਦਾ ਉਚੇਚੇ ਤੌਰ ਉਤੇ ਹਿੱਸਾ ਬਣਾਇਆ ਜਾਵੇ ਤਾਂ ਜੋ ਬਿਮਾਰੀ ਹੋਣ ਤੋਂ ਪਹਿਲਾਂ ਹੀ ਉਸ ਨੂੰ ਕਾਬੂ ਕੀਤਾ ਜਾ ਸਕੇ।

ਵੈਕਟਰ ਬੌਰਨ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਰਿਹਾਇਸ਼ੀ ਖੇਤਰਾਂ ਅਤੇ ਨਿਰਮਾਣ ਅਧੀਨ ਇਮਾਰਤਾਂ ਦੇ ਆਸ-ਪਾਸ ਕਿਸੇ ਵੀ ਤਰ੍ਹਾਂ ਦਾ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਸਥਾਨਕ ਸਰਕਾਰਾਂ ਵਿਭਾਗ ਵੱਲੋਂ ਪੀਣ ਵਾਲੇ ਪਾਣੀ, ਸੀਵਰੇਜ ਸਿਸਟਮ ਦੀਆਂ ਪਾਇਪਾਂ ਦੀ ਚੈਕਿੰਗ ਯਕੀਨੀ ਬਣਾਈ ਜਾਵੇ। ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਬੱਚਿਆਂ ਨੂੰ ਸਵੇਰ ਦੀ ਸਭਾ ਦੌਰਾਨ ਡੇਂਗੂ ਤੋਂ ਬਚਾਅ ਸਬੰਧੀ ਪ੍ਰੇਰਿਤ ਕਰਨ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਦੱਸਿਆ ਕਿ ਲੋਕਾਂ ਨੂੰ ਵੈਕਟਰ ਬੌਰਨ ਬਿਮਾਰੀਆਂ ਤੋਂ ਬਚਾਅ ਲਈ ਵੱਡੇ ਪੱਧਰ ਉੱਤੇ ਜਾਗਰੂਕ ਕੀਤਾ ਜਾ ਰਿਹਾ ਹੈ, ਖ਼ਾਸਕਰ ਕੇ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਅਨਾਊਂਸਮੈਂਟਸ ਕਰਵਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਨਾਲ ਹੋਰ ਵੱਖੋ ਵੱਖ ਤਰੀਕਿਆਂ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਅਜਿਹੀਆਂ ਬਿਮਾਰੀਆਂ ਦੇ ਆਮ ਲੱਛਣਾਂ ਬਾਰੇ ਦੱਸਿਆ, ਜਿਸ ਵਿੱਚ ਤੇਜ਼ ਬੁਖਾਰ, ਸਰੀਰ ਵਿੱਚ ਤੇਜ਼ ਦਰਦ, ਜੋੜਾਂ ਵਿੱਚ ਦਰਦ, ਪੇਟ ਦੀ ਬੇਚੈਨੀ ਅਤੇ ਭੁੱਖ ਨਾ ਲੱਗਣਾ (ਕਦੇ-ਕਦੇ), ਸ਼ਾਮਲ ਹਨ। ਜੇਕਰ ਪਰਿਵਾਰ ਦੇ ਕਿਸੇ ਮੈਂਬਰ ਵਿੱਚ ਅਜਿਹੇ ਲੱਛਣ ਦਿਖਾਈ ਦਿੰਦੇ ਹਨ, ਤਾਂ ਉਹਨਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਲਿਜਾਇਆ ਜਾਣਾ ਚਾਹੀਦਾ ਹੈ। ਸਰਕਾਰੀ ਟੀਮਾਂ ਵੱਲੋਂ ਫੌਗਿੰਗ, ਸਪਰੇਅ ਅਤੇ ਬੁਖਾਰ ਬਾਬਤ ਸਰਵੇ ਸਬੰਧੀ ਘਰ-ਘਰ ਜਾ ਕੇ ਗਤੀਵਿਧੀਆਂ ਨਿਰੰਤਰ ਜਾਰੀ ਹਨ। ਵੈਕਟਰ ਬੌਰਨ ਬਿਮਾਰੀਆਂ ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਤੋਂ ਬਚਾਅ ਲਈ ਸਭ ਨੂੰ ਸਾਵਧਾਨ ਰਹਿਣ ਦੀ ਲੋੜ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਅਮਿਤ ਬੈਂਬੀ, ਸਹਾਇਕ ਕਮਿਸ਼ਨਰ ਸ. ਲਵਪ੍ਰੀਤ ਸਿੰਘ, ਸਿਵਲ ਸਰਜਨ ਅਮਰਜੀਤ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਭਾਈ ਮਨਦੀਪ ਸਿੰਘ ਜੀ ਦੀ ਹਲਕਾ ਤਰਨਤਾਰਨ ਦੀ ਜਿਮਨੀ ਚੌਣ ਮਹਿੰਮ ਦੀ ਸ਼ੁਰੂਆਤ











ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਭਾਈ ਸਨਦੀਪ ਸਿੰਘ ਸਨੀ ਜਿਹਨਾਂ ਨੇ ਦੁਸ਼ਟ ਸੂਰੀ ਅਤੇ ਸੂਬਾ ਸਰਹਿੰਦ ਦਾ ਸੋਧਾ ਲਾਇਆ, ਅੱਜ ਉਹਨਾਂ ਦੇ ਸਤਿਕਾਰਯੋਗ ਭਰਾਤਾ ਮਨਦੀਪ ਸਿੰਘ ਜੀ ਦੀ ਹਲਕਾ ਤਰਨਤਾਰਨ ਦੀ ਜਿਮਨੀ ਚੌਣ ਮਹਿੰਮ ਦੀ ਸੁਰੂਆਤ ਸਿਖ ਪੰਥ ਦੇ ਸਿਰਮੌਰ ਤਖਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ ਬੇਨਤੀ ਕਰਕੇ ਕੀਤੀ ਗਈ। ਦਮਦਮੀ ਟਕਸਾਲ ਜਥੇਬੰਦੀ ਦੇ ਸਮੂਹ ਸਿੰਘਾਂ ਨੇ ਅਰਦਾਸ ਸਮਾਗਮ ਵਿੱਚ ਹਾਜਰੀ ਭਰੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੁਝਾਰੂ ਯੋਧੇ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਮਨਦੀਪ ਸਿੰਘ ਦੇ ਹੱਕ 'ਚ ਨਿੱਤਰੀਆਂ ਸਮੁੱਚੀਆਂ ਪੰਥਕ ਜਥੇਬੰਦੀਆਂ ਅਤੇ

# ਸਰਬੱਤ ਖਾਲਸਾ ਜਥੇਦਾਰ ਦਾ ਧੰਨਵਾਦ : ਭਾਈ ਰਣਜੀਤ ਸਿੰਘ (ਫੈਡਰੇਸ਼ਨ ਭਿੰਡਰਾਂਵਾਲਾ)

**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਮਨਦੀਪ ਸਿੰਘ ਅਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਕੇ ਚੋਣ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਦਾ ਸਮਰਥਨ ਕਰਦਿਆਂ ਕਿਹਾ ਕਿ ਭਾਈ ਸੰਦੀਪ ਸਿੰਘ ਸੰਨੀ ਦੀ ਸਿੱਖ ਕੌਮ ਤੇ ਪੰਜਾਬ ਲਈ ਵੱਡੀ ਕੁਰਬਾਨੀ ਹੈ, ਭਾਈ ਸੰਨੀ ਨੇ ਸੁਧੀਰ ਸੂਰੀ ਅਤੇ ਸੂਬਾ ਸਰਹੰਦ ਨੂੰ ਸੋਧ ਕੇ ਖ਼ਾਲਸਾ ਪੰਥ ਦਾ ਸਿਰ ਹੋਰ ਉੱਚਾ ਕੀਤਾ ਹੈ। ਅੱਜ ਲੋੜ ਹੈ ਕਿ ਉਹਨਾਂ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਤਰਨ ਤਾਰਨ ਦੀ ਚੋਣ ਵਿੱਚੋਂ ਜਿਤਾ ਕੇ ਇਸ ਪਰਿਵਾਰ ਨੂੰ ਹੋਰ ਮਾਣ-ਸਤਿਕਾਰ ਦਿੱਤਾ ਜਾਏ। ਉਹਨਾਂ ਕਿਹਾ ਕਿ ਅੱਜ ਬੜੀ ਖੁਸ਼ੀ ਦੀ ਗੱਲ ਹੈ ਕਿ ਸਮੁੱਚੀਆਂ ਪੰਥਕ ਜਥੇਬੰਦੀਆਂ ਨੇ ਭਾਈ ਮਨਦੀਪ ਸਿੰਘ ਨੂੰ ਸਮਰਥਨ, ਸਾਥ ਅਤੇ ਸਹਿਯੋਗ ਦਿੱਤਾ ਹੈ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸੀਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ, ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ (ਨਜ਼ਰਬੰਦ ਡਿਬਰੂਗੜ੍ਹ ਜੇਲ੍ਹ) ਦੇ ਪਿਤਾ ਸ. ਤਰਸੇਮ ਸਿੰਘ, ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ (ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ ਮਲੋਆ), ਨਵਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਅਤੇ ਪੰਥਕ ਕੌਂਸਲ ਦੇ ਚੇਅਰਪਰਸਨ ਬੀਬੀ ਸਤਵੰਤ ਕੌਰ (ਸਪੁੱਤਰੀ ਸ਼ਹੀਦ ਭਾਈ ਅਮਰੀਕ ਸਿੰਘ ਜੀ), ਸਰਬੱਤ ਖਾਲਸਾ ਵੱਲੋਂ ਥਾਪੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਭਾਈ ਧਿਆਨ ਸਿੰਘ ਮੰਡ, ਯੂਨਾਈਟਡ ਅਕਾਲੀ ਦਲ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਬਠਿੰਡਾ, ਪੰਥਕ ਆਗੂ ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਭਾਈ ਹਰਪਾਲ ਸਿੰਘ ਬਲੇਰ, ਭਾਈ ਉਪਕਾਰ ਸਿੰਘ ਸੰਧੂ, ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ, ਭਾਈ ਮਨਜੀਤ ਸਿੰਘ ਭੋਲਾ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ, ਪ੍ਰਧਾਨ ਭਾਈ ਦਲੇਰ ਸਿੰਘ ਡੋਡ, ਖਾਲੜਾ ਮਿਸ਼ਨ, ਸਮੂਹ ਸ਼ਹੀਦਾਂ ਦੇ ਪਰਿਵਾਰਾਂ, ਪੰਥਕ ਸ਼ਖਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਭਾਈ ਮਨਦੀਪ ਸਿੰਘ ਦਾ ਸਮਰਥਨ ਕਰਕੇ ਪੰਥਕ ਏਕਤਾ ਦਾ ਸਬੂਤ ਦਿੱਤਾ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਬਾਦਲਕਿਆਂ ਨੂੰ ਤਰਨ ਤਾਰਨ ਤੋਂ ਆਪਣਾ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਪਿੱਛੇ ਹਟਾ ਲੈਣਾ ਚਾਹੀਦਾ ਹੈ। ਉਹਨਾਂ ਨੇ ਸਮੁੱਚੀਆਂ ਸੰਪਰਦਾਵਾਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲ ਪੰਥ, ਕਾਰ ਸੇਵਾ ਵਾਲਿਆਂ, ਸਮਾਜਿਕ ਸੰਸਥਾਵਾਂ ਅਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਭਾਈ ਮਨਦੀਪ ਸਿੰਘ ਨੂੰ ਜਿਤਾਉਣ ਲਈ ਸਾਥ ਦੇਣ। ਭਾਈ ਰਣਜੀਤ ਸਿੰਘ ਨੇ ਬੀਬੀ ਪਰਮਜੀਤ ਕੌਰ ਖਾਲੜਾ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਉਨ੍ਹਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੀ ਚੋਣ ਮੁਹਿੰਮ ਵੇਲੇ ਬੜੀ ਸ਼ਾਨਦਾਰ ਭੂਮਿਕਾ ਨਿਭਾਈ ਸੀ ਇਸੇ ਤਰ੍ਹਾਂ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਮਨਦੀਪ ਸਿੰਘ ਦੀ ਚੋਣ ਮੁਹਿੰਮ ਵਿੱਚ ਵੀ ਉਹ ਕਿੰਗ ਮੇਕਰ ਵਜੋਂ ਸਰਗਰਮ ਹੋਣ। ਭਾਈ ਰਣਜੀਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਕਿਹਾ ਕਿ ਤੁਹਾਡੇ 94 ਵਿਧਾਇਕਾਂ ਨੇ ਡੱਕਾ ਨਹੀਂ ਭੰਨਿਆ ਤੇ ਹੁਣ ਇਸ ਚੋਣ ਵਿੱਚ ਨੈਤਿਕਤਾ ਦੇ ਆਧਾਰ ਉੱਤੇ ਝਾੜੂ ਪਾਰਟੀ ਨੂੰ ਚੋਣ ਮੈਦਾਨ ਖਾਲੀ ਕਰ ਦੇਣਾ ਚਾਹੀਦਾ ਹੈ। ਅੱਜ ਅਰਦਾਸ ਸਮਾਗਮ ਵਿੱਚ ਭਾਈ ਸੰਦੀਪ ਸਿੰਘ ਸੰਨੀ ਦੀ ਸੋ ਪਤਨੀ ਬੀਬੀ ਗੁਰਪ੍ਰੀਤ ਕੌਰ, ਛੋਟਾ ਭਰਾ ਭਾਈ ਹਰਦੀਪ ਸਿੰਘ, ਮਾਤਾ ਜੀ ਸਮੇਤ ਅਨੇਕਾਂ ਸੰਗਤਾਂ ਹਾਜ਼ਰ ਸਨ।







ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ ਉਪਰੰਤ ਅੱਜ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਖੇ ਨਤਮਸਤਕ ਹੋ ਕੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਜਿਸ ਉਪਰੰਤ ਤਰਨਤਾਰਨ ਜ਼ਿਮਨੀ ਚੋਣਾ ਤੋ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਮਨਦੀਪ ਸਿੰਘ ਜੋ ਸਾਂਝੇ ਪੰਥਕ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ ਚੋਣ ਦਾ ਅਗਾਜ ਕਰਨ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਵਿੱਖੇ ਹੋਏ ਅਰਦਾਸ ਸਮਾਗਮ ਵਿਚ ਅਰਦਾਸ ਵਿੱਚ ਸ਼ਾਮਲ ਹੋਏ। ਜਿਸ ਉਪਰੰਤ ਪਾਰਟੀ ਦੇ ਜਰਨਲ ਸਕੱਤਰ ਜਸਵੀਰ ਸਿੰਘ ਘੁੰਮਣ ਅਤੇ ਬਲਵਿੰਦਰ ਸਿੰਘ ਜੌੜਾ ਸਿੰਘਾਂ ਵਰਕਿੰਗ ਕਮੇਟੀ ਮੈਂਬਰ ਵੱਲੋਂ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ ਇਸ ਮੌਕੇ ਸਾਬਕਾ ਚੇਅਰਮੈਨ ਸਤਗੁਰ ਸਿੰਘ ਨਮੋਲ,ਦਿਲਬਾਗ ਸਿੰਘ ਖੇੜੀ ਸੋਢੀਆ ਸਰਕਲ ਪ੍ਰਧਾਨ,ਨਰਿੰਦਰ ਸਿੰਘ ਬਹਾਦਰਪੁਰ ਹਾਜਰ ਸਨ।



## ਸ਼੍ਰੋਮਣੀ ਸਿੱਖ ਸ਼ਸਤ੍ਰ ਵਿੱਦਿਆ ਕੌਂਸਲ ਵੱਲੋਂ ਸਿੱਖ ਸ਼ਸਤ੍ਰ ਵਿੱਦਿਆ ਦਾ ਅਲੌਕਿਕ ਤੇ ਨਿਵੇਕਲਾ ਉਪਰਾਲਾ 'ਜੌਹਰ-ਏ-ਸ਼ਮਸ਼ੀਰ' 12 ਅਕਤੂਬਰ ਦਿਨ ਐਤਵਾਰ ਨੂੰ

**ਜੰਡਿਆਲਾ ਗੁਰੂ 10 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸ਼੍ਰੋਮਣੀ ਸਿੱਖ ਸ਼ਸਤ੍ਰ ਵਿੱਦਿਆ ਕੌਂਸਲ ਵੱਲੋਂ ਸਿੱਖ ਸ਼ਸਤ੍ਰ ਵਿੱਦਿਆ ਦਾ ਅਲੌਕਿਕ ਤੇ ਨਿਵੇਕਲਾ ਉਪਰਾਲਾ 12 ਅਕਤੂਬਰ ਦਿਨ ਐਤਵਾਰ 2025 ਨੂੰ ਗੁਰਦੁਆਰਾ ਮੱਲ ਅਖਾੜਾ ਸਾਹਿਬ, ਬੁਰਜ ਅਕਾਲੀ ਫੂਲਾ ਸਿੰਘ ਛਾਉਣੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96 ਕਰੌੜੀ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 'ਜੌਹਰ-ਏ-ਸ਼ਮਸ਼ੀਰ' ਸਵੇਰ 9 ਵੱਜੇ ਤੋਂ ਦੁਪਹਿਰ ਬਾਅਦ ਤੱਕ ਕਰਵਾਇਆ ਜਾ ਰਿਹਾ ਹੈ, ਇਹ ਸਾਰੀ ਜਾਣਕਾਰੀ ਭਾਈ ਮਨਜੀਤ ਸਿੰਘ ਗੱਤਕਾ ਮਾਸਟਰ ਵੱਲੋਂ ਪੱਤਰਕਾਰਾਂ ਨਾਲ ਸਾਂਝੀ ਕੀਤੀ ਗਈ, ਉਹਨਾਂ ਦੱਸਿਆ ਕਿ ਇਸ ਦੇ ਨਾਲ ਨਾਲ ਖ਼ੂਨਦਾਨ ਕੈਂਪ ਵੀ ਲਗਾਇਆ ਜਾ ਰਿਹਾ ਹੈ। ਇਸ ਦੌਰਾਨ ਧਾਰਮਿਕ,ਸਿਆਸੀ ਤੇ ਸਮਾਜਿਕ ਸਖਸ਼ੀਅਤਾਂ ਵੀ ਪਹੁੰਚਣਗੀਆਂ ।ਗਤਕਾ ਮਾਸਟਰ ਭਾਈ ਮਨਜੀਤ ਸਿੰਘ ਨੇ ਦੱਸਿਆ ਕਿ ਸਵਾਲ ਜਵਾਬ ਪ੍ਰਤੀਯੋਗਤਾ ਵੀ ਹੋਵੇਗੀ, ਜਿਸ ਦੌਰਾਨ 101 ਸਵਾਲ ਤੇ 101 ਸ਼ਸਤ੍ਰ ਸਹੀ ਜਵਾਬ ਦੇਣ ਵਾਲਿਆਂ ਨੂੰ ਦਿੱਤੇ ਜਾਣਗੇ। ਭਾਈ ਮਨਜੀਤ ਸਿੰਘ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਆਪਣੇ ਪਰਿਵਾਰਾਂ ਸਮੇਤ ਪਹੁੰਚਣ ਅਤੇ ਗੁਰੂ ਘਰ ਦੀਆਂ ਅਸ਼ੀਸ਼ਾ ਪ੍ਰਾਪਤ ਕਰਨ।



## ਸਿੱਖ ਇਤਿਹਾਸ ਨਾਲ ਜੁੜਿਆ ਗੱਤਕਾ ਦੇਸ਼ ਦੀ ਸ਼ਾਨਦਾਰ ਜੰਗਜੂ ਵਿਰਾਸਤ ਦਾ ਪ੍ਰਤੀਕ - ਸੰਸਦ ਮੈਂਬਰ ਵਿਜੇ ਬਘੇਲ

### 13ਵੀਂ ਰਾਸ਼ਟਰੀ ਗੱਤਕਾ ਚੈਂਪੀਅਨਸ਼ਿਪ ਦਾ ਭਿਲਾਈ 'ਚ ਸ਼ਾਨੋ-ਸ਼ੌਕਤ ਨਾਲ ਆਗਾਜ



**ਲੰਡਨ - ਸਰਬਜੀਤ ਸਿੰਘ ਬਨੂੜ** ✶ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਵੱਲੋਂ ਆਯੋਜਿਤ ਤਿੰਨ ਰੋਜ਼ਾ 13ਵੀਂ ਕੌਮੀ ਗੱਤਕਾ ਚੈਂਪੀਅਨਸ਼ਿਪ ਸ਼ੁੱਕਰਵਾਰ ਨੂੰ ਗੁਰੂ ਨਾਨਕ ਇੰਗਲਿਸ਼ ਸੀਨੀਅਰ ਸੈਕੰਡਰੀ ਸਕੂਲ, ਭਿਲਾਈ, ਛੱਤੀਸਗੜ੍ਹ ਵਿਖੇ ਸ਼ਾਨੋ-ਸ਼ੌਕਤ ਅਤੇ ਵਿਰਾਸਤੀ ਜੋਸ਼ ਨਾਲ ਸ਼ੁਰੂ ਹੋਈ। ਨਿਊ ਗੱਤਕਾ ਸਪੋਰਟਸ ਐਸੋਸੀਏਸ਼ਨ ਛੱਤੀਸਗੜ੍ਹ ਦੇ ਸਹਿਯੋਗ ਨਾਲ ਕਰਵਾਏ ਇਹ ਗੱਤਕਾ ਮੁਕਾਬਲੇ ਭਾਰਤ ਦੀ ਪ੍ਰਾਚੀਨ ਜੰਗਜੂ ਤੇ ਸੱਭਿਆਚਾਰਕ ਵਿਰਾਸਤ ਸਮੇਤ ਸਿੱਖ ਅਧਿਆਤਮਿਕ ਕਲਾ ਦਾ ਗੌਰਵਮਈ ਪ੍ਰਤੀਕ ਹੋਣ ਦੇ ਨਾਲ-ਨਾਲ ਵੀਰਤਾ, ਅਨੁਸ਼ਾਸਨ, ਸਦਭਾਵਨਾ ਅਤੇ ਸੱਭਿਆਚਾਰਕ ਮਾਣ ਦਾ ਸੰਦੇਸ਼ ਵੀ ਪਹੁੰਚਾਉਂਦੇ ਹਨ। ਇੰਨਾਂ ਕੌਮੀ ਮੁਕਾਬਲਿਆਂ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਦੁਰਗ ਹਲਕੇ ਦੇ ਸੰਸਦ ਮੈਂਬਰ ਵਿਜੇ ਬਘੇਲ ਨੇ ਸਾਬਕਾ ਮੰਤਰੀ ਤੇ ਵਿਸ਼ੇਸ਼ ਮਹਿਮਾਨ ਪ੍ਰੇਮ ਪ੍ਰਕਾਸ਼ ਪਾਂਡੇ ਦੀ ਹਾਜ਼ਰੀ ਵਿੱਚ ਕੀਤਾ। ਉਨ੍ਹਾਂ ਨਾਲ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ (ਐਨ.ਜੀ.ਏ.ਆਈ.) ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ, ਛੱਤੀਸਗੜ੍ਹ ਸਿੱਖ ਪੰਚਾਇਤ ਦੇ ਚੇਅਰਮੈਨ ਜਸਬੀਰ ਸਿੰਘ ਚਾਹਲ, ਨਿਊ ਗੱਤਕਾ ਸਪੋਰਟਸ ਐਸੋਸੀਏਸ਼ਨ ਛੱਤੀਸਗੜ੍ਹ ਦੇ ਪ੍ਰਧਾਨ ਤੇ ਉੱਘੇ ਸਮਾਜ ਸੇਵਕ ਇੰਦਰਜੀਤ ਸਿੰਘ ਛੋਟੂ, ਜਨਰਲ ਸਕੱਤਰ ਜਸਵੰਤ ਸਿੰਘ ਖਾਲਸਾ ਅਤੇ ਵਿੱਤ ਸਕੱਤਰ ਮਲਕੀਤ ਸਿੰਘ ਲੱਲੂ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਵੀ ਸ਼ਾਮਲ ਸਨ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਵਿਜੇ ਬਘੇਲ ਨੇ ਟੂਰਨਾਮੈਂਟ ਦੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਗੱਤਕੇ ਦੀ ਸੱਭਿਆਚਾਰਕ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਕਿਹਾ ਕਿ ਗੱਤਕਾ ਸਿਰਫ਼ ਇੱਕ ਮਾਰਸ਼ਲ ਆਰਟ ਹੀ ਨਹੀਂ ਸਗੋਂ ਇਹ ਇੱਕ ਇਤਿਹਾਸਕ ਵਿਰਾਸਤ ਹੈ ਜੋ ਭਾਰਤ ਦੇ ਸ਼ਾਨਦਾਰ ਅਤੀਤ ਅਤੇ ਸਿੱਖ ਇਤਿਹਾਸ ਦੀ ਅਜੇਤੂ ਭਾਵਨਾ ਦੇ ਜੀਵੰਤ ਰੂਪ ਨੂੰ ਦਰਸਾਉਂਦੀ ਹੈ। ਅਜਿਹੀ ਸਵਦੇਸ਼ੀ ਕਲਾ ਨੂੰ ਉਤਸ਼ਾਹਿਤ ਕਰਨ ਨਾਲ ਸਾਡਾ ਸੱਭਿਆਚਾਰ ਸੁਰੱਖਿਅਤ ਰਹਿੰਦਾ ਹੈ ਅਤੇ ਨੌਜਵਾਨਾਂ ਅੰਦਰ ਸਾਡੇ ਸਤਿਕਾਰਯੋਗ ਗੁਰੂਆਂ ਦੁਆਰਾ ਦਰਸਾਏ ਗਏ ਹਿੰਮਤ, ਅਨੁਸ਼ਾਸਨ, ਭਗਤੀ ਅਤੇ ਸ਼ਰਧਾ ਦੇ ਗੁਣ ਪੈਦਾ ਹੁੰਦੇ ਹਨ। ਇਸ ਮੌਕੇ 'ਤੇ ਵਿਸ਼ੇਸ਼ ਮਹਿਮਾਨ ਤੇ ਸਾਬਕਾ ਮੰਤਰੀ ਪ੍ਰੇਮ ਪ੍ਰਕਾਸ਼ ਪਾਂਡੇ ਨੇ ਕਿਹਾ ਕਿ ਛੱਤੀਸਗੜ੍ਹ ਲਈ ਗੱਤਕਾ ਖੇਡ ਦੇ ਰਾਸ਼ਟਰੀ ਟੂਰਨਾਮੈਂਟ ਦੀ ਮੇਜ਼ਬਾਨੀ ਕਰਨਾ ਮਾਣ ਦਾ ਪਲ ਹੈ। ਇਹ ਪੁਰਾਤਨ ਕਲਾ ਨਾ ਸਿਰਫ਼ ਤੰਦਰੁਸਤੀ ਅਤੇ ਅਨੁਸ਼ਾਸਨ ਹੀ ਨਹੀਂ ਸਿਖਾਉਂਦੀ ਬਲਕਿ ਏਕਤਾ ਅਤੇ ਸੱਭਿਆਚਾਰ ਸੰਭਾਲ ਦੇ ਆਪਣੇ ਸੰਦੇਸ਼ ਰਾਹੀਂ ਸਮਾਜਿਕ ਸੁਮੇਲ ਤੇ ਸਦਭਾਵਨਾ ਨੂੰ ਵੀ ਮਜ਼ਬੂਤ ? ?ਕਰਦੀ ਹੈ। ਮਹਿਮਾਨਾਂ ਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਐਨ.ਜੀ.ਏ.ਆਈ. ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਇਹ ਦੋਵੇਂ ਪ੍ਰਮੁੱਖ ਸੰਸਥਾਵਾਂ ਗੱਤਕੇ ਨੂੰ ਰਵਾਇਤੀ ਕਲਾ ਅਤੇ ਆਧੁਨਿਕ ਖੇਡ ਵਜੋਂ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਵਚਨਬੱਧ ਹਨ। ਅਜਿਹੀਆਂ ਚੈਂਪੀਅਨਸ਼ਿਪਾਂ ਰਾਹੀਂ ਸਾਡਾ ਉਦੇਸ਼ ਦੇਸ਼ ਦੇ ਖਿਡਾਰੀਆਂ ਨੂੰ ਵਿਸ਼ਵਵਿਆਪੀ ਖੇਡਾਂ ਦੇ ਮੰਚ ਲਈ ਤਿਆਰ ਕਰਨਾ ਹੈ। ਸਾਡਾ ਟੀਚਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਗੱਤਕਾ ਖੇਡ ਓਲੰਪਿਕ ਸਮੇਤ ਅੰਤਰਰਾਸ਼ਟਰੀ ਪੱਧਰ ਦੇ ਬਹੁ-ਖੇਡ ਮੁਕਾਬਲਿਆਂ ਵਿੱਚ ਸ਼ਾਮਲ ਹੋਵੇ। ਹੋਰ ਵੇਰਵੇ ਦਿੰਦੇ ਹੋਏ ਇੰਦਰਜੀਤ ਸਿੰਘ ਛੋਟੂ ਅਤੇ ਜਸਵੰਤ ਸਿੰਘ ਖਾਲਸਾ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਭਾਰਤ ਭਰ ਦੇ ਬਾਰਾਂ ਰਾਜਾਂ ਦੇ 500 ਤੋਂ ਵੱਧ ਲੜਕੇ ਅਤੇ ਲੜਕੀਆਂ ਹਿੱਸਾ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਐਤਵਾਰ 12 ਅਕਤੂਬਰ ਨੂੰ ਸਮਾਪਤੀ ਸਮਾਰੋਹ ਮੌਕੇ ਗੱਤਕਾ-ਸੋਟੀ ਅਤੇ ਫੱਰੀ-ਸੋਟੀ ਈਵੈਂਟਸ ਦੇ ਵੱਖ-ਵੱਖ ਵਿਅਕਤੀਗਤ ਅਤੇ ਟੀਮ ਮੁਕਾਬਲਿਆਂ ਦੇ ਜੇਤੂਆਂ ਨੂੰ ਤਗਮਿਆਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਇੰਦਰਜੀਤ ਸਿੰਘ ਛੋਟੂ ਨੇ ਐਲਾਨ ਕੀਤਾ ਕਿ ਛੱਤੀਸਗੜ੍ਹ ਦੇ ਸੋਨ ਤਗਮਾ ਜਿੱਤਣ ਵਾਲੇ ਖਿਡਾਰੀਆਂ ਨੂੰ ਖੇਡ ਸਹੂਲਤਾਂ ਲਈ ਨਗਦ ਇਨਾਮਾਂ ਦੇ ਨਾਲ ਵਿਸ਼ੇਸ਼ ਸਨਮਾਨ ਦਿੱਤਾ ਜਾਵੇਗਾ। ਇਸ ਚੈਂਪੀਅਨਸ਼ਿਪ ਨੂੰ ਗੁਰਦੁਆਰਾ ਬੇਬੇ ਨਾਨਕੀ ਜੀ, ਜ਼ੋਨ-2 ਖੁਰਸੀਪਰ, ਗੁਰਦੁਆਰਾ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ, ਕੈਂਪ-2 ਭਿਲਾਈ, ਗੁਰਦੁਆਰਾ ਸ਼੍ਰੀ ਗੁਰੂ ਅਰਜੁਨ ਦੇਵ ਜੀ ਹਾਊਸਿੰਗ ਬੋਰਡ, ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਜੀ ਕੈਂਪ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਗੁਰੂ ਨਾਨਕ ਨਗਰ, ਗੁਰਦੁਆਰਾ ਬਾਬਾ ਸਾਹਿਬ ਜੀ ਬੁੱਢਾ ਸਾਹਿਬ ਜੀ ਬਾਬਾ ਸਾਹਿਬ ਜੀ ਕੋਹਕਾ, ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸੁਪੇਲਾ, ਗੁਰਦੁਆਰਾ ਨਾਨਕਸਰ ਨਹਿਰੂ ਨਗਰ, ਗੁਰਦੁਆਰਾ ਸ਼੍ਰੀ ਗੁਰੂ ਅਰਜਨ ਦੇਵ ਜੀ ਹਾਊਸਿੰਗ ਬੋਰਡ, ਗੁਰਦੁਆਰਾ ਮਾਤਾ ਗੁਜਰੀ ਜੀ ਹੁਡਕੋ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਸੈਕਟਰ 6, ਛੱਤੀਸਗੜ੍ਹ ਸਿੱਖ ਪੰਚਾਇਤ, ਯੂਥ ਸਿੱਖ ਸੇਵਾ ਸੰਮਤੀ, ਗੁਰੂ ਨਾਨਕ ਸਕੂਲ ਸੈਕਟਰ 6, ਪੰਜਾਬੀ ਭਾਈਚਾਰਾ, ਸਿੱਖ ਯੂਥ ਫੋਰਮ, ਗੁਰੂ ਨਾਨਕ ਸੀਨੀਅਰ ਸੈਕੰਡਰੀ ਸਕੂਲ ਅਤੇ ਪੰਜਾਬੀ ਕਲਚਰਲ ਐਂਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਭਰਪੂਰ ਸਹਿਯੋਗ ਤੇ ਸਮਰਥਨ ਦਿੱਤਾ ਗਿਆ।



### ਭਾਈ ਬਲਵੰਤ ਸਿੰਘ ਜੀ ਧਰਮਕੋਟ ਵਾਲਿਆਂ ਦੇ ਨਮਿੱਤ ਅੰਤਿਮ ਅਰਦਾਸ ਵਿੱਚ

# ਇੰਟਰਨੈਸ਼ਨਲ ਪੰਥਕ ਦਲ ਦੇ ਵੱਖ ਵੱਖ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ




























(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਦਮਦਮੀ ਟਕਸਾਲ ਦੇ ਵਿਦਿਆਰਥੀ ਸਤਿਕਾਰਯੋਗ ਭਾਈ ਗੁਰਮੇਲ ਸਿੰਘ ਜੀ ਰੋਡੇ (ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਸਤਿਕਾਰਯੋਗ ਜੀਜਾ)ਤਿਨਾਂ ਦੇ ਦਮਾਦ ਭਾਈ ਬਲਵੰਤ ਸਿੰਘ ਜੀ ਦਾ ਕਰੰਟ ਲੱਗਣ ਕਾਰਨ ਕੁਝ ਦਿਨ ਪਹਿਲਾਂ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ। ਉਹਨਾਂ ਦੇ ਨਮਿਤ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾ ਕੇ ਉਪਰੰਤ ਗੁਰਦੁਆਰਾ ਨਾਨਕਸਰ ਸੰਤ ਬਾਬਾ ਪੂਰਨ ਸਿੰਘ ਜੀ ਧਰਮਕੋਟ ਵਿਖੇ ਸ਼ਰਧਾਂਜਲੀ ਸਮਾਗਮ ਹੋਇਆ। ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਵੈਰਾਗਮਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਇੰਟਰਨੈਸ਼ਨਲ ਪੰਥਕ ਦਲ ਦੇ ਵੱਖ ਵੱਖ ਆਗੂਆਂ ਵੱਲੋਂ ਹਾਜ਼ਰੀ ਭਰੀ ਗਈ। ਜਿਸ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜ ਕਰੀ ਪੰਜਾਬ ਪ੍ਰਧਾਨ, ਭਾਈ ਸਤਨਾਮ ਸਿੰਘ ਜੀ ਸੈਦੋ ਲੇਹਲ ਜ਼ਿਲਾ ਪ੍ਰਧਾਨ ਸ਼੍ਰੀ ਅੰਮ੍ਰਿਤਸਰ ਕਿਸਾਨ ਵਿੰਗ, ਭਾਈ ਜਗਸੀਰ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਪੰਜਾਬ ,ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਭਾਈ ਕਾਰਜ ਸਿੰਘ ਜੀ ਡਲੀਰੀ ਜਿਲਾ ਪ੍ਰਧਾਨ ਤਰਨ ਤਾਰਨ ਕਿਸਾਨ ਵਿੰਗ, ਭਾਈ ਮਨਪ੍ਰੀਤ ਸਿੰਘ ਜੀ ਸੋਹੀ ਇਕਾਈ ਪ੍ਰਧਾਨ ਦਸ਼ਮੇਸ਼ ਨਗਰ, ਭਾਈ ਰਤਨ ਸਿੰਘ ਜੀ ਸ਼ਿਹਜ਼ਾਦਾ ਬਲਾਕ ਪ੍ਰਧਾਨ, ਅਤੇ ਹੋਰ ਪਤਵੰਤਿਆਂ ਨੇ ਹਾਜਰੀ ਭਰੀ।ਸੰਤ ਬਾਬਾ ਭੁਪਿੰਦਰ ਸਿੰਘ ਜੀ ਸਦਰਵਾਲ ਵਾਲਿਆਂ ਨੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਪਹੁੰਚੇ ਸਮੂਹ ਸੰਤ ਮਹਾਂਪੁਰਖ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਤੇ ਜੀ ਆਇਆ ਕਿਹਾ। ਜਥੇਬੰਦੀ ਵੱਲੋਂ ਭਾਈ ਬਲਵੰਤ ਸਿੰਘ ਜੀ ਦੇ ਸਪੁੱਤਰ ਕਾਕਾ ਮਹਿਤਾਬ ਸਿੰਘ ਨੂੰ

ਆਵਾਜ਼ਿ ਕੌਮ
AWAZE QAUM
International Newspaper & WEB TV



ਦਸਤਾਰਬੰਦੀ ਕੀਤੀ ਗਈ। ਇੰਟਰਨੈਸ਼ਨਲ ਪੰਥਕ ਦਲ ਅਤੇ ਨਗਰ ਪੰਚਾਇਤਾਂ ਵੱਲੋਂ ਪਰਿਵਾਰ ਨੂੰ ਹਰ ਪੱਖੋਂ ਸਹਾਇਤਾ ਦੇਣ ਲਈ ਭਰੋਸਾ ਦਿਵਾਇਆ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਦਮਦਮੀ ਟਕਸਾਲ ਦੇ ਮੁੱਖੀ ਸੰਤ ਬਾਬਾ ਹਰਨਾਮ ਸਿੰਘ ਜੀ ਅਤੇ ਬਾਬਾ ਜੀਵਾ ਸਿੰਘ ਜੀ ਮੁੰਡਾ ਪਿੰਡ ਵਾਲਿਆਂ ਵੱਲੋਂ ਬਾਬਾ ਗੁਰਵਿੰਦਰ ਸਿੰਘ ਜੀ ਰਾਜੋਕੇ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਭਰੀ।ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਭਾਈ ਬਲਵੰਤ ਸਿੰਘ ਜੀ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜੋ ਕਿ ਭਾਈ ਬਲਵੰਤ ਸਿੰਘ ਜੀ ਦੇ ਦੋ ਛੋਟੇ 10 ਅਤੇ 12 ਸਾਲ ਦੇ ਬੱਚੇ ਹਨ। ਜੋ ਕਿ ਨਾ ਪੂਰਾ ਹੋਣ ਵਾਲਾ ਗਹਿਰਾ ਸਦਮਾ ਲੱਗਾ ਹੈ। ਅੰਤ ਵਿੱਚ ਸਾਰਿਆਂ ਵੱਲੋਂ ਬੱਚਿਆਂ ਦੀ ਚੜਦੀ ਕਲਾ ਲਈ ਅਰਦਾਸ ਬੇਨਤੀ ਕੀਤੀ ਗਈ। ਐਮਪੀ ਭਾਈ ਸਰਬਜੀਤ ਸਿੰਘ ਜੀ ਮਲੋਆ ਦੇ ਧਰਮ ਸੁਪਤਨੀ ਬੀਬੀ ਸੰਦੀਪ ਕੌਰ ਵੱਲੋਂ ਬਾਬਾ ਸੱਜਣ ਸਿੰਘ ਜੀ ਬਾੜਾ ਸ਼ੇਰ ਸਿੰਘ ਵਾਲਿਆਂ ਨਾਲ ਫੋਨ ਰਾਹੀਂ ਦੁਖ ਸਾਂਝਾ ਕੀਤਾ। ਇਸ ਮੌਕੇ ਸਰਪੰਚ ਇਕਬਾਲ ਸਿੰਘ ਢੋਲੇਵਾਲ, ਸਰਪੰਚ ਪਰਮਪਾਲ ਸਿੰਘ ਰਸੂਲਪੁਰ ,ਅਮਰਜੀਤ ਸਿੰਘ ਰੋਡੇ, ਇੰਦਰਜੀਤ ਸਿੰਘ ਰੋਡੇ, ਭਾਈ ਸੁਖਦੇਵ ਸਿੰਘ, ਭਾਈ ਮੰਗਲ ਸਿੰਘ, ਭਾਈ ਮਲਕੀਤ ਸਿੰਘ, ਭਾਈ ਨਛੱਤਰ ਸਿੰਘ, ਭਾਈ ਸੁਖਵੰਤ ਸਿੰਘ, ਭਾਈ ਬਲਵੰਤ ਸਿੰਘ ਜੀ ਦੀ ਧਰਮ ਪਤਨੀ ਬੀਬੀ ਮਨਦੀਪ ਕੌਰ, ਬੀਬੀ ਛਤਰਪਾਲ ਕੌਰ , ਗੁਰਦੇਵ ਸਿੰਘ , ਕਰਨੈਲ ਸਿੰਘ, ਸੁਖਦੇਵ ਸਿੰਘ ਵਾੜਾ ਸ਼ੇਰ ਸਿੰਘ , ਭਾਈ ਪਿਆਰਾ ਸਿੰਘ, ਬਾਬਾ ਦਇਆ ਸਿੰਘ, ਭਾਈ ਨਿਸ਼ਾਨ ਸਿੰਘ ਸਭਰਾ, ਹਰਦੇਵ ਸਿੰਘ ਫਾਇਨਸ ਬਟਾਲਾ, ਭਾਈ ਜਰਨੈਲ ਸਿੰਘ ਅਤੇ ਹੋਰ ਇਲਾਕੇ ਦੀਆਂ ਸੰਗਤਾਂ ਮੋਹਤਬਾਰ ਸਿੰਘ ਪੰਚ ਅਤੇ ਸਰਪੰਚ ਆਦਿ ਹਾਜਰ ਸਨ।



### ਗੁਰਦੁਆਰਾ ਸਾਹਿਬ ਪਿੰਡ ਕੱਖਾਂਵਾਲੀ ਹਲਕਾ ਲੰਬੀ ਜਿਲਾ ਸ੍ਰੀ ਮੁਕਤਸਰ ਸਾਹਿਬ ਵਿਖੇ

# ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ














ਗੁਰਦੁਆਰਾ ਸਾਹਿਬ ਪਿੰਡ ਕੱਖਾਂਵਾਲੀ ਹਲਕਾ ਲੰਬੀ ਜਿਲਾ ਸ੍ਰੀ ਮੁਕਤਸਰ ਸਾਹਿਬ ਵਿਖੇ ਅੱਜ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ ਜਿਸ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਮਾਸਟਰ ਹਰਦੇਵ ਸਿੰਘ ਲਾਲਬਾਈ ਵਾਲੇ ਕਵੀਸਰੀ ਜੱਥੇ ਨੇ ਗੁਰਇਤਿਹਾਸ ਸਰਵਣ ਕਰਾਇਆ ਇਹ ਸਮੇਂ ਸ.ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪੰਜਾਬ ਸਰਕਾਰ ਨੇ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗੁਰੂਘਰ ਦੀ ਪ੍ਰਬੰਧਕ ਕਮੇਟੀ ਨਗਰ ਪੰਚਾਇਤ ਡੀਐਸਪੀ ਬਲਦੇਵ ਸਿੰਘ ਜੇਲ ਸੁਪਰਡੈਂਟ ਅਤੇ ਸਾਥੀਆਂ ਨੇ ਆਈਆਂ ਸ਼ਖਸੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਇੱਕ ਨਜ਼ਰ

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਖ ਵੱਖ ਸੇਵਾਵਾਂ ਨਿਭਾਉਣ ਵਾਲੀਆਂ ਸੰਗਤਾਂ ਦਾ ਐਡਵੋਕੇਟ ਧਾਮੀ ਨੇ ਕੀਤਾ ਧੰਨਵਾਦ

**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪ੍ਰਬੰਧਾਂ ਵਿਚ ਸਹਿਯੋਗ ਕਰਨ ਲਈ ਸੇਵਾ ਨਿਭਾਉਣ ਵਾਲੀਆਂ ਸਮੂਹ ਸੰਗਤਾਂ, ਮਹਾਂਪੁਰਖ ਅਤੇ ਸੇਵਾ ਸੁਸਾਇਟੀਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਧੰਨਵਾਦ ਕੀਤਾ।ਐਡਵੋਕੇਟ ਧਾਮੀ ਨੇ ਕਿਹਾ ਕਿ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ



ਆਵਾਜ਼ਿ ਕੌਮ AWAZE QAUM International Newspaper & WEB TV

ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਹਨ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਲਈ ਪ੍ਰਬੰਧ ਕਰਨੇ ਇਕ ਵੱਡੀ ਜ਼ੁੰਮੇਵਾਰੀ ਹੁੰਦੀ ਹੈ, ਜੋ ਸੰਗਤ ਦੇ ਸਹਿਯੋਗ ਨਾਲ ਹੀ ਨਿਭਾਈ ਜਾਂਦੀ ਹੈ।ਐਡੋਵਕੇਟ ਧਾਮੀ ਨੇ ਗੁਰਪੁਰਬ ਸਮੇਂ ਵੱਖ ਵੱਖ ਸੇਵਾਵਾਂ ਵਿਚ ਹਿੱਸਾ ਪਾਉਣ ਵਾਲੀਆਂ ਸੰਗਤਾਂ, ਕਾਰਸੇਵਾ ਵਾਲੇ ਮਹਾਂਪੁਰਖ, ਧਾਰਮਿਕ ਸ਼ਖ਼ਸੀਅਤਾਂ, ਸਮੂਹ ਸਭਾ ਸੁਸਾਇਟੀਆਂ, ਗਤਕਾ ਅਖਾੜਿਆਂ, ਲੰਗਰਾਂ ਦੀ ਸੇਵਾ ਨਿਭਾਉਣ ਵਾਲੀ ਸੰਗਤ, ਸ੍ਰੀ ਦਰਬਾਰ ਸਾਹਿਬ ਦੇ ਕੰਪਲੈਕਸ ਸਮੇਤ ਸ਼ਹਿਰ ਵਿਚ ਲਾਈਟਾਂ, ਫੁੱਲਾਂ ਦੀ ਡੈਕੋਰੇਸ਼ਨ ਕਰਨ ਵਾਲੇ, ਰਿਹਾਇਸ਼ ਦੇ ਪ੍ਰਬੰਧ ਕਰਨ ਲਈ ਹੋਟਲ ਐਸੋਸੀਏਸ਼ਨ, ਪ੍ਰਸਾਸ਼ਨ, ਨਗਰ ਨਿਗਮ, ਲੱਡੂਆਂ ਦੀ ਸੇਵਾ ਕਰਨ ਵਾਲੇ, ਨਗਰ ਕੀਰਤਨ ਸਮੇਂ ਚੱਲਣ ਵਾਲੀਆਂ ਗੱਡੀਆਂ ਦੀ ਸੇਵਾ ਕਰਨ ਲਈ ਲੁਧਿਆਣੇ ਦੀ ਸੰਗਤ, ਜੋੜਾ ਘਰ, ਗੱਠੜੀ ਘਰ ਵਿਖੇ ਸੇਵਾ ਨਿਭਾਉਣ ਵਾਲਿਆਂ, ਲੋਕਲ ਗੁਰਦੁਆਰਾ ਕਮੇਟੀਆਂ, ਨਗਰ ਕੀਰਤਨ ਸਮੇਂ ਸਜਾਵਟੀ ਗੇਟ ਅਤੇ ਲੰਗਰ ਲਗਾਉਣ ਵਾਲੀਆਂ ਕਮੇਟੀਆਂ, ਸ਼ਬਦ ਚੌਂਕੀ ਜਥੇ, ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਦੇ ਨਾਲ ਨਾਲ ਵੱਖ-ਵੱਖ ਸੇਵਾਵਾਂ ਕਰਨ ਵਾਲੀ ਬੰਬੇ, ਚੰਬੇ ਅਤੇ ਸਿੰਘੜੇ ਦੀ ਸੰਗਤ ਸਮੇਤ ਆਤਿਸ਼ਬਾਜ਼ੀ ਦੀ ਸੇਵਾ ਵਾਸਤੇ ਇੰਦੌਰ ਦੀ ਸੰਗਤ ਤੇ ਸ੍ਰੀ ਦਰਬਾਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਸਟਾਫ ਦਾ ਵੀ ਧੰਨਵਾਦ ਕੀਤਾ।

ਇਸੇ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਜਿਥੇ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਹੈ, ਉਥੇ ਹੀ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਸੇਵਾਵਾਂ ਵਿਚ ਵੀ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਅੱਗੋਂ ਵੀ ਸੰਗਤਾਂ ਪਾਸੋਂ ਇਸੇ ਤਰ੍ਹਾਂ ਸਹਿਯੋਗ ਦੀ ਆਸ ਪ੍ਰਗਟਾਈ।

# ਮਨਜੀਤ ਸਿੰਘ ਪ੍ਰੀਤ ਵਿਹਾਰ ਵੱਲੋਂ ਜੰਮੂ-ਕਸ਼ਮੀਰ ਦੇ ਪਿੰਡ ਕੌਲਪੁਰ ਵਿੱਖੇ ਸਰੂਪਾਂ ਦੀ ਹੋਈ ਬੇਅਦਬੀ ਦੀ ਨਿੰਦਾ

## ਭਾਰਤ ਸਰਕਾਰ ਕਾਨੂੰਨ ’ਚ ਸੋਧ ਕਰਕੇ ਬੇਅਦਬੀ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਲਈ ਢੁੱਕਵੇਂ ਕਦਮ ਚੁੱਕੇ: ਅਮਨਜੀਤ ਸਿੰਘ ਪ੍ਰੀਤ ਵਿਹਾਰ

**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੀਤ ਪ੍ਰਧਾਨ ਸ. ਅਮਨਜੀਤ ਸਿੰਘ ਪ੍ਰੀਤ ਵਿਹਾਰ ਨੇ ਜੰਮੂ-ਕਸ਼ਮੀਰ ਅੰਦਰ ਸਾਂਬਾ ਜ਼ਿਲ੍ਹੇ ਦੇ ਪਿੰਡ ਕੌਲਪੁਰ ’ਚ ਇਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਕੀਤੀ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਦੋਸ਼ੀ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਕਿਹਾ ਹੈ। ਸ. ਅਮਨਜੀਤ ਸਿੰਘ ਪ੍ਰੀਤ ਵਿਹਾਰ



ਆਵਾਜ਼ਿ ਕੌਮ AWAZE QAUM International Newspaper & WEB TV

ਨੇ ਆਖਿਆ ਕਿ ਇਹ ਬੇਹੱਦ ਦੁਖਦ ਮਾਮਲਾ ਹੈ, ਜਿਸ ਨੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਸਮੁੱਚਾ ਪੰਥ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮਨਾ ਰਿਹਾ ਹੈ, ਤਾਂ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਗਹਿਰੀ ਸਾਜ਼ਿਸ਼ ਦਾ ਹਿੱਸਾ ਲਗਦੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਇਸ ਸਾਜ਼ਿਸ਼ ਦਾ ਪਤਾ ਲਗਾਏ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇਵੇ। ਸ. ਅਮਨਜੀਤ ਸਿੰਘ ਪ੍ਰੀਤ ਵਿਹਾਰ ਨੇ ਕਿਹਾ ਕਿ ਮਿਥ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨਾ ਕੌਮ ਦੀਆਂ ਭਾਵਨਾਵਾਂ ’ਤੇ ਸਿੱਧਾ ਹਮਲਾ ਹੈ, ਜਿਸ ਨੂੰ ਕੌਮ ਬਰਦਾਸ਼ਤ ਨਹੀਂ ਕਰ ਸਕਦੀ।ਅਜਿਹੀਆਂ ਘਟਨਾਵਾਂ ਸਰਕਾਰਾਂ ਦੀ ਢਿੱਲ ਅਤੇ ਅਜਿਹੇ ਪੰਥ ਵਿਰੋਧੀਆਂ ਖਿਲਾਫ਼ ਢਿੱਲੀ ਕਾਰਵਾਈ ਦਾ ਨਤੀਜਾ ਹੈ, ਕਿਉਂਕਿ ਜਦੋਂ ਵੀ ਅਜਿਹੀ ਮੰਦਭਾਗੀ ਹਰਕਤ ਸਾਹਮਣੇ ਆਉਂਦੀ ਹੈ ਤਾਂ ਦੋਸ਼ੀ ਸਹਿਜੇ ਹੀ ਬਚ ਨਿਕਲਦੇ ਹਨ। ਜੇਕਰ ਮਿਸਾਲੀ ਕਾਰਵਾਈ ਤੇ ਸਜ਼ਾ ਹੋਵੇ ਤਾਂ ਕੋਈ ਵੀ ਅਜਿਹੀ ਹਰਕਤ ਦਾ ਹੀਆ ਨਾ ਕਰੇ। ਉਨ੍ਹਾਂ ਨੇ ਕਿਹਾ ਕਿ ਭਾਵੇਂ ਪਹਿਲਾਂ ਵੀ ਸਰਕਾਰਾਂ ਨੇ ਸਖ਼ਤ ਕਾਨੂੰਨ ਲਿਆਉਣ ਦੀ ਕਈ ਵਾਰ ਗੱਲਾਂ ਕੀਤੀਆਂ ਹਨ, ਪ੍ਰੰਤੂ ਕੋਈ ਠੋਸ ਨਤੀਜੇ ਸਾਹਮਣੇ ਨਹੀਂ ਆਏ। ਸ. ਅਮਨਜੀਤ ਸਿੰਘ ਪ੍ਰੀਤ ਵਿਹਾਰ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਦੇਸ਼ ਦੇ ਕਾਨੂੰਨ ਵਿਚ ਸੋਧ ਕਰਕੇ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਾ ਪ੍ਰਬੰਧ ਕਰਨ ਲਈ ਢੁੱਕਵੇਂ ਕਦਮ ਚੁੱਕਣੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਨੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ

# ਸ਼੍ਰੋਮਣੀ ਕਮੇਟੀ ਨੂੰ ਦਿੱਤਾ 10 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ



**ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਲਈ ਕੀਤੇ ਜਾ ਰਹੇ ਕਾਰਜਾਂ ਵਿਚ ਸਹਿਯੋਗ ਲਈ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਵੱਲੋਂ ਸ਼੍ਰੋਮਣੀ ਕਮੇਟੀ ਨੂੰ 10 ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ। ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਸ. ਗੁਰਦੇਵ ਸਿੰਘ ਸਾਬਕਾ ਆਈਏਐਸ ਅਤੇ ਕਾਰਜਕਾਰਨੀ ਕਮੇਟੀ ਨੇ ਇਹ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਭੇਜ ਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬਹੁਤ ਸਾਰੀਆਂ ਸੰਗਤਾਂ ਅਤੇ ਸੰਸਥਾਵਾਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਚੱਲ ਰਹੇ ਕਾਰਜਾਂ ਵਿਚ ਸਹਿਯੋਗ ਕਰ ਰਹੀਆਂ ਹਨ, ਜਿਨ੍ਹਾਂ ਦਾ ਉਹ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਹੁਣ ਕਿਸਾਨਾਂ ਦੀਆਂ ਫਸਲਾਂ ਦੀ ਬਿਜਾਈ ਵਾਸਤੇ ਡੀਜ਼ਲ ਅਤੇ ਕਣਕ ਦੇ ਮਿਆਰੀ ਬੀਜ ਦੀ ਜ਼ਰੂਰਤ ਹੈ, ਜਿਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਯਤਨ ਕੀਤੇ ਜਾ ਰਹੇ ਹਨ। ਐਡਵੋਕੇਟ ਧਾਮੀ ਨੇ ਸਿੱਖ ਐਜੂ.ਕੇਸ਼ਨਲ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਸੰਗਤਾਂ ਵੱਲੋਂ ਦਿੱਤੀ ਮਾਇਆ ਨਾਲ ਲੋੜਵੰਦਾਂ ਦੀ ਹਰ ਸੰਭਵ ਸਹਾਇਤਾ ਲਈ ਯਤਨਸ਼ੀਲ ਰਹੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀਨੀਅਰ ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਲੇਖਿਕਾ ਮਨਿੰਦਰ ਕੌਰ ਦੇ ਪਲੇਠੇ ਬਾਲ ਕਾਵਿ-ਸੰਗ੍ਰਹਿ

# ‘ਚੱਟ ਗਈ ਮਲਾਈ’ ਦਾ ਲੋਕ-ਅਰਪਣ 12 ਅਕਤੂਬਰ ਨੂੰ

ਨਵੀਂ ਦਿੱਲੀ, 10 ਅਕਤੂਬਰ **ਅੰਮ੍ਰਿਤਸਰ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਅਧਿਆਪਕ-ਲੇਖਿਕਾ ਮਨਿੰਦਰ ਕੌਰ ਦੇ ਪਲੇਠੇ ਬਾਲ ਕਾਵਿ-ਸੰਗ੍ਰਹਿ ‘ਚੱਟ ਗਈ ਮਲਾਈ’

ਆਵਾਜ਼ਿ ਕੌਮ AWAZE QAUM International Newspaper & WEB TV

ਦਾ ਲੋਕ-ਅਰਪਣ 12 ਅਕਤੂਬਰ 2025, ਦਿਨ ਐਤਵਾਰ ਨੂੰ ਸਵੇਰੇ 9.30 ਵੱਜੇ ਭਾਸ਼ਾ ਵਿਭਾਗ,ਪੰਜਾਬ,ਪਟਿਆਲਾ ਦੇ ਲੈਕਚਰ ਹਾਲ ਵਿੱਖੇ ਕੀਤਾ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਡਾ. ਦਰਸ਼ਨ



ਸਿੰਘ ਆਸ਼ਟ ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਭਾਸ਼ਾ ਵਿਭਾਗ,ਪੰਜਾਬ,ਪਟਿਆਲਾ ਦੇ ਸਾਬਕਾ ਡਾਇਰੈਕਟਰ ਸ੍ਰੀਮਤੀ ਗੁਰਸ਼ਰਨ ਕੌਰ ਕਰਨਗੇ ਅਤੇ ਮੁੱਖ ਮਹਿਮਾਨ ਸਾਹਿਤ ਅਕਾਦਮੀ ਬਾਲ ਸਾਹਿਤ ਪੁਰਸਕਾਰ ਵਿਜੇਤਾ ਤਰਸੇਮ (ਬਰਨਾਲਾ) ਹੋਣਗੇ। ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਪੰਜਾਬੀ ਵਿਕਾਸ ਮੰਚ ਪੰਜਾਬ ਦੇ ਕਨਵੀਨਰ ਸ. ਚਰਨਜੀਤ ਸਿੰਘ ਗਰੋਵਰ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਪਟਿਆਲਾ ਸ੍ਰੀਮਤੀ ਮਨਵਿੰਦਰ ਕੌਰ ਭੁੱਲਰ ਅਤੇ ਉਘੇ ਪੰਜਾਬੀ ਕਵੀ ਸ੍ਰੀ ਜੰਗ ਸਿੰਘ ਫੱਟੜ ਹੋਣਗੇ। ਮਨਿੰਦਰ ਕੌਰ ਦੀ ਪੁਸਤਕ ਉਪਰ ਸ੍ਰੀ ਸਤਪਾਲ ਭੀਖੀ ਵੱਲੋਂ ਮੁੱਖ ਪੇਪਰ ਪੜ੍ਹਿਆ ਜਾਵੇਗਾ, ਜਦੋਂ ਕਿ ਸ੍ਰੀ ਸੁਖਦੇਵ ਸਿੰਘ ਚਹਿਲ, ਸ੍ਰੀ ਸੁਖਜੀਵਨ ਅਤੇ ਸ੍ਰੀ ਹਰਪ੍ਰੀਤ ਸਿੰਘ ਆਦਿ ਵਿਦਵਾਨ ਇਸ ਬਾਲ ਪੁਸਤਕ ਦੇ ਵੱਖ-ਵੱਖ ਪੱਖਾਂ ਬਾਰੇ ਚਰਚਾ ਕਰਨਗੇ। ਪੁੱਜੇ ਵੱਖ-ਵੱਖ ਲੇਖਕ ਵੀ ਆਪਣੀਆਂ ਵੰਨ-ਸੁਵੰਨੀਆਂ ਰਚਨਾਵਾਂ ਸੁਣਾਉਣਗੇ ਅਤੇ ਚਰਚਾ ਹੋਵੇਗੀ।

# ਸੰਘੇੜਾ ਕਾਲਜ ਦੇ ਅਧਿਆਪਕਾਂ ਨੇ ਇੱਕ ਰੋਜ਼ਾ ਟੂਰ ਲਗਾਇਆ

**ਬਰਨਾਲਾ 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਇਲਾਕੇ ਦੀ ਇੱਕ ਨਾਮਵਰ ਸੰਸਥਾ ਹੈ ਜ਼ੋ ਵੱਖ ਵੱਖ ਖੇਤਰਾਂ ਵਿੱਚ ਆਪਣੀ ਇੱਕ ਨਿਵੇਕਲੀ ਪਹਿਚਾਣ ਬਣਾ ਚੁੱਕੀ ਹੈ ਜਿਸ ਦਾ ਸਿਹਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ੍ਰ ਭੋਲਾ ਸਿੰਘ ਵਿਰਕ ਜੀ ਅਤੇ ਸਮੁੱਚੀ ਮੈਨੇਜਮੈਂਟ ਕਮੇਟੀ ਨੂੰ ਜਾਂਦਾ ਹੈ। ਜਿੱਥੇ ਸੰਸਥਾ ਪ੍ਰਧਾਨ ਸ੍ਰ ਭੋਲਾ ਸਿੰਘ ਵਿਰਕ ਜੀ ਵਿਦਿਆਰਥੀਆਂ ਲਈ ਸਮੇਂ ਸਮੇਂ ਤੇ ਅਨੇਕਾਂ ਸਹੂਲਤਾਂ ਪ੍ਰਦਾਨ ਕਰਦੇ ਹਨ ਉੱਥੇ ਹੀ ਆਪਣੀ ਸੰਸਥਾ ਦੇ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਦਾ ਵੀ ਬਹੁਤ ਖਿਆਲ ਰੱਖਦੇ ਹਨ ਇਸ ਦੇ ਤਹਿਤ ਹੀ ਅਧਿਆਪਕ ਦਿਵਸ ਨੂੰ ਸਮਰਪਿਤ ਸਮੂਹ ਅਧਿਆਪਕ ਸਹਿਬਾਨਾਂ ਦਾ ਇੱਕ ਰੋਜ਼ਾ ਟੂਰ ਸੰਸਥਾ ਪ੍ਰਧਾਨ ਸ੍ਰ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ



ਪ੍ਰਿੰਸੀਪਲ ਡਾ ਸਰਬਜੀਤ ਸਿੰਘ ਕੁਲਾਰ ਦੀ ਦੇਖਰੇਖ ਹੇਠ ਬਠਿੰਡਾ ਵਿਖੇ ਲਿਜਾਇਆ ਗਿਆ ।ਜਿਸ ਵਿੱਚ ਸਭ ਤੋਂ ਪਹਿਲਾਂ ਤਾਂ ਅਧਿਆਪਕ ਸਹਿਬਾਨਾਂ ਨੂੰ ਮਿੱਤਲ ਮੌਲ ਵਿੱਚ ਪਰਿਵਾਰਕ ਫ਼ਿਲਮ ਦਿਖਾਈ ਗਈ ਉਸ ਤੋਂ ਪਿੱਛੋਂ ਬਠਿੰਡਾ ਦੇ ਪ੍ਰਸਿੱਧ ਹੋਟਲ ਕ੍ਰਿਸ਼ਨਾ ਵਿੱਚ ਸ਼ਾਨਦਾਰ ਲੰਚ ਕਰਵਾਇਆ ਗਿਆ ।ਅਧਿਆਪਕ ਸਹਿਬਾਨਾਂ ਨੇ ਰੁਝੇਵਿਆਂ ਭਰੀ ਜ਼ਿੰਦਗੀ ਦੇ ਇਹਨਾਂ ਆਨੰਦਿਤ ਪਲਾਂ ਦਾ ਖੂਬ ਆਨੰਦ ਮਾਣਿਆ ਮਾਨਯੋਗ ਸੰਸਥਾ ਪ੍ਰਧਾਨ ਸ੍ਰ ਭੋਲਾ ਸਿੰਘ ਵਿਰਕ ਜੀ ਅਤੇ ਸਮੁੱਚੀ ਮੈਨੇਜਮੈਂਟ ਕਮੇਟੀ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਸੰਸਥਾ ਪ੍ਰਧਾਨ ਸ੍ਰ ਭੋਲਾ ਸਿੰਘ ਵਿਰਕ ਇੱਕ ਉਹ ਸ਼ਖ਼ਸੀਅਤ ਹਨ ਜੋ ਪਲ ਪਲ ਤੇ ਜਿੱਥੇ ਸੰਸਥਾ ਲਈ ਅਤੇ ਵਿਦਿਆਰਥੀਆਂ ਲਈ ਤੱਤਪਰ ਰਹਿੰਦੇ ਹਨ ਉੱਥੇ ਹੀ ਉਹ ਅਧਿਆਪਕ ਸਹਿਬਾਨਾਂ ਦੇ ਮਾਨ ਸਨਮਾਨ ਵਿੱਚ ਵੀ ਕਿਸੇ ਤਰ੍ਹਾਂ ਦੀ ਕੋਈ ਕਮੀ ਨੀ ਛੱਡਦੇ ਸਾਨੂੰ ਉਹਨਾਂ ਤੋਂ ਹਮੇਸ਼ਾ ਮਾਪਿਆਂ ਵਾਲਾ ਪਿਆਰ ਮਿਲਦਾ ਹੈ ਅਸੀ ਵੱਡੇ ਭਾਗਾਂ ਵਾਲੇ ਹਾਂ ਜਿਨ੍ਹਾਂ ਨੂੰ ਸ੍ਰ ਭੋਲਾ ਸਿੰਘ ਵਿਰਕ ਵਰਗੀ ਸ਼ਖ਼ਸੀਅਤ ਦੀ ਰਹਿਨੁਮਾਈ ਮਿਲੀ ਹੋਈ ਹੈ ।ਇਸ ਮੌਕੇ ਸਮੂਹ ਸਟਾਫ ਟੀਚਿੰਗ ਅਤੇ ਨਾਨ ਨੇ ਸ਼ਮੂਲੀਅਤ ਕੀਤੀ ਸ਼ਾਮ ਨੂੰ ਟੂਰ ਵਿੱਚ ਸ਼ਾਮਲ ਅਧਿਆਪਕ ਨੱਚਦੇ ਟੱਪਦੇ ਕਾਲਜ ਪਹੁੰਚੇ।